

## ਮੱਘਰ ਦੀ ਸੰਗਰਾਂਦ ਅੱਜ

ਸ਼੍ਰੋਮਣੀ ਕਮੇਟੀ ਵੱਲੋਂ ਜਾਰੀ ਕੈਲੰਡਰ ਅਨੁਸਾਰ ਮੱਘਰ ਮਹੀਨੇ ਦੀ ਸੰਗਰਾਂਦ ਅੱਜ ਮਨਾਈ ਜਾ ਰਹੀ ਹੈ। ਦੇਸ਼ ਵਿਦੇਸ਼ ਵਿੱਚ ਇਸ ਦਿਹਾੜੇ ਸਬੰਧੀ ਵਿਸ਼ੇਸ਼ ਦੀਵਾਨ ਸਜਾਏ ਜਾ ਰਹੇ ਹਨ।


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

ਐਤਵਾਰ, 16 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ਅੰਮ੍ਰਿਤਸਰ ਦਿਹਾਤੀ ਦੇ ਐਸ.ਐਸ.ਪੀ.ਮਨਿੰਦਰ ਸਿੰਘ ਸਸਪੈਂਡ; ਗੈਂਗਸਟਰਾਂ ਖਿਲਾਫ ਕਾਰਵਾਈ 'ਚ ਨਾਕਾਮ ਰਹਿਣ ਕਾਰਨ ਹੋਈ ਕਾਰਵਾਈ

**ਅੰਮ੍ਰਿਤਸਰ, 15 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ ਅੰਮ੍ਰਿਤਸਰ ਦਿਹਾਤੀ ਦੇ ਐਸਐਸਪੀ ਮਨਿੰਦਰ ਸਿੰਘ ਨੂੰ ਮੁਅੱਤਲ ਕਰ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਇਹ ਕਾਰਵਾਈ ਜ਼ਿਲ੍ਹੇ ਵਿੱਚ ਵਧਦੀਆਂ ਗੈਂਗਸਟਰ ਗਤੀਵਿਧੀਆਂ ਅਤੇ ਉਨ੍ਹਾਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ ਵਿੱਚ ਅਸਫਲ ਰਹਿਣ ਕਾਰਨ ਕੀਤੀ ਹੈ।




ਹਾਲਾਂਕਿ ਇਹ ਕਾਰਵਾਈ ਤਰਨਤਾਰਨ ਜ਼ਿਮਨੀ ਚੋਣ ਦੇ ਨਾਲ ਵੀ ਲਿੰਕ ਕੀਤਾ ਜਾ ਰਿਹਾ ਹੈ। ਦੱਸ ਦਈਏ ਕਿ ਆਈਪੀਐਸ ਮਨਿੰਦਰ ਸਿੰਘ 2019 ਬੈਚ ਦੇ ਅਧਿਕਾਰੀ ਹਨ। ਐਸਐਸਪੀ ਅੰਮ੍ਰਿਤਸਰ ਦਿਹਾਤੀ ਦਾ ਅਹੁਦਾ ਸੰਭਾਲਣ ਤੋਂ ਪਹਿਲਾਂ, ਉਹ ਅੰਮ੍ਰਿਤਸਰ ਸ਼ਹਿਰੀ ਪੁਲਿਸ ਕਮਿਸ਼ਨਰੇਟ ਵਿੱਚ ਸਹਾਇਕ ਪੁਲਿਸ ਕਮਿਸ਼ਨਰ ਵਜੋਂ ਸੇਵਾ ਨਿਭਾਉਂਦੇ ਸਨ। ਉਹ ਪਹਿਲਾਂ ਤਰਨਤਾਰਨ ਜ਼ਿਲ੍ਹੇ ਵਿੱਚ ਪੁਲਿਸ ਸੁਪਰਡੈਂਟ (ਐਸਪੀ) ਵਜੋਂ ਵੀ ਸੇਵਾ ਨਿਭਾਉਂਦੇ ਸਨ। ਬਾਅਦ ਵਿੱਚ ਉਨ੍ਹਾਂ ਨੂੰ ਪੰਜਾਬ ਦੇ ਰਾਜਪਾਲ ਦਾ ਸਹਾਇਕ ਡਿਪਟੀ ਸੁਪਰਡੈਂਟ ਆਫ਼ ਪੁਲਿਸ (ਏਡੀਸੀ) ਨਿਯੁਕਤ ਕੀਤਾ ਗਿਆ।

## ਪੰਜਾਬ ਕੈਬਨਿਟ ਦੀ ਮੀਟਿੰਗ 'ਚ ਅਹਿਮ ਫੈਸਲੇ

# ਬੀਬੀਐਮਬੀ ਤੋਂ ਲੈਕੇ ਹੋਰ ਫੈਸਲਿਆਂ 'ਤੇ ਲੱਗੀ ਮੁਹਰ

**ਚੰਡੀਗੜ੍ਹ, 15 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਸ਼ਨੀਵਾਰ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਪ੍ਰਧਾਨਗੀ ਹੇਠ ਕੈਬਨਿਟ ਮੀਟਿੰਗ ਹੋਈ। ਮੀਟਿੰਗ ਤੋਂ ਬਾਅਦ ਵਿੱਤ ਮੰਤਰੀ ਹਰਪਾਲ ਚੀਮਾ ਨੇ ਦੱਸਿਆ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀਬੀਐਮਬੀ) ਲਈ ਇੱਕ ਵੱਖਰਾ ਕੇਡਰ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ ਤਾਂ ਜੋ ਸਾਡੇ ਨੌਜਵਾਨ ਇਸ ਵਿੱਚ ਸ਼ਾਮਲ ਹੋ ਸਕਣ। ਪਹਿਲਾਂ, ਉਹ ਡੈਪੂਟੇਸ਼ਨ 'ਤੇ ਜਾਂਦੇ ਸਨ। ਸਿੰਚਾਈ, ਪੀਐਸਪੀਸੀਐਲ ਅਤੇ ਹੋਰ ਵਿਭਾਗਾਂ ਵਿੱਚ 3,000 ਤੋਂ ਵੱਧ ਅਸਾਮੀਆਂ ਜਲਦੀ ਹੀ ਭਰੀਆਂ ਜਾਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਮਲੇਰਕੋਟਲਾ ਖੇਡ ਵਿਭਾਗ ਵਿੱਚ ਤਿੰਨ ਨਵੀਆਂ ਅਸਾਮੀਆਂ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਮਲੇਰਕੋਟਲਾ ਸਹਿਕਾਰੀ ਵਿਭਾਗ ਵਿੱਚ ਰਜਿਸਟਰਾਰ, ਡਿਪਟੀ ਰਜਿਸਟਰਾਰ ਅਤੇ ਇੰਸਪੈਕਟਰ ਲਈ 11 ਅਸਾਮੀਆਂ ਭਰੀਆਂ ਜਾਣਗੀਆਂ। ਸੀਐਚਸੀ ਦੋਰਾਹਾ ਵਿਖੇ 51 ਨਵੀਆਂ ਅਸਾਮੀਆਂ ਕੱਢੀਆਂ ਗਈਆਂ ਹਨ। ਡੈਂਟਲ ਟੀਚਿੰਗ ਫੈਕਲਟੀ ਲਈ ਉਮਰ ਸੀਮਾ ਪਹਿਲਾਂ 62 ਤੋਂ ਵਧਾ ਕੇ 65 ਸਾਲ ਕਰ ਦਿੱਤੀ ਗਈ ਹੈ। 16 ਸੀਡੀਪੀਓ ਅਸਾਮੀਆਂ ਨੂੰ ਮੁੜ ਸੁਰਜੀਤ ਕੀਤਾ ਗਿਆ ਹੈ, ਅਤੇ ਵਿਭਾਗ ਜਲਦੀ ਹੀ ਉਨ੍ਹਾਂ ਨੂੰ ਭਰਨਾ ਸ਼ੁਰੂ ਕਰੇਗਾ। ਵਧੀਕ ਪ੍ਰਿੰਸੀਪਲ ਜੱਜ, ਫੈਮਿਲੀ ਕੋਰਟ, ਜਲੰਧਰ ਲਈ ਛੇ ਵਾਧੂ ਅਸਾਮੀਆਂ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਮੰਤਰੀ ਨੇ ਕਿਹਾ ਕਿ ਉਦਯੋਗ ਨਾਲ ਸਬੰਧਤ ਵਿਭਾਗਾਂ ਵਿੱਚ ਬਦਲਾਅ ਕੀਤੇ ਗਏ ਹਨ। ਉਹ ਪੁੱਡਾ ਦੁਆਰਾ ਅਲਾਟ ਕੀਤੇ ਗਏ ਆਪਣੇ ਉਦਯੋਗਿਕ ਪਲਾਟ ਅਲਾਟ ਕਰ ਸਕਦੇ ਹਨ, ਪਰ ਪਲਾਟ ਘੱਟੋ-ਘੱਟ 500 ਗਜ਼ ਹੋਣਾ ਚਾਹੀਦਾ ਹੈ। ਜੇਕਰ ਪਲਾਟ 2,000 ਗਜ਼ ਹੈ, ਤਾਂ ਇਸਨੂੰ ਚਾਰ ਹਿੱਸਿਆਂ ਵਿੱਚ ਵੰਡਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਮਾਜਿਕ ਸੁਰੱਖਿਆ ਵਿਭਾਗ ਨੂੰ ਟ੍ਰਾਂਸਜੈਂਡਰ ਭਾਈਚਾਰੇ ਲਈ ਨਿਯਮ ਬਣਾਉਣ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। 53 ਕਰੋੜ ਦੀ ਲਾਗਤ ਨਾਲ ਸੈਨੇਟਰੀ ਪੈਡ ਖਰੀਦੇ ਜਾਣਗੇ, ਜੋ ਆਂਗਣਵਾੜੀ ਵਰਕਰਾਂ ਰਾਹੀਂ ਗਰੀਬ ਲੜਕੀਆਂ ਨੂੰ ਵੰਡੇ ਜਾਣਗੇ। ਉਨ੍ਹਾਂ ਕਿਹਾ ਕਿ ਸਮਾਜਿਕ ਸੁਰੱਖਿਆ ਵਿਭਾਗ ਨੂੰ ਟਰਾਂਸਜੈਂਡਰ ਭਾਈਚਾਰੇ ਲਈ ਨਿਯਮ ਬਣਾਉਣ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਤੋਂ ਇਲਾਵਾ, 53 ਕਰੋੜ ਰੁਪਏ ਦੀ ਲਾਗਤ ਨਾਲ ਸੈਨੇਟਰੀ ਪੈਡ ਖਰੀਦੇ ਜਾਣਗੇ, ਜੋ ਕਿ ਆਂਗਣਵਾੜੀ ਵਰਕਰਾਂ ਰਾਹੀਂ ਗਰੀਬ ਲੜਕੀਆਂ ਨੂੰ ਵੰਡੇ ਜਾਣਗੇ।



## 24 ਨਵੰਬਰ ਨੂੰ ਅਨੰਦਪੁਰ ਸਾਹਿਬ 'ਚ ਹੋਵੇਗਾ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਅੱਜ ਪੰਜਾਬ ਕੈਬਨਿਟ ਦੀ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਸ੍ਰੀ ਅਨੰਦਪੁਰ ਸਾਹਿਬ ਵਿਚ ਵਿਸ਼ੇਸ਼ ਇਜਲਾਸ ਸਬੰਧੀ ਹੋਰ ਕਈ ਫ਼ੈਸਲਿਆਂ 'ਤੇ ਮੋਹਰ ਲਾਈ ਗਈ ਹੈ। ਮੀਟਿੰਗ ਮਗਰੋਂ ਮੰਤਰੀ ਹਰਪਾਲ ਚੀਮਾ ਨੇ ਕਿਹਾ ਕਿ 350ਵੇਂ ਸ਼ਹੀਦੀ ਦਿਵਸ ਨੂੰ ਮਨਾਉਣ ਲਈ ਇਕ ਵਿਸ਼ੇਸ਼ ਇਜਲਾਸ 24 ਨਵੰਬਰ ਨੂੰ ਆਨੰਦਪੁਰ ਸਾਹਿਬ ਵਿਖੇ ਹੋਵੇਗਾ। ਉਸ ਦਿਨ ਕੋਈ ਆਮ ਇਜਲਾਸ ਨਹੀਂ ਹੋਵੇਗਾ ਸਗੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ 'ਤੇ ਵਿਚਾਰ-ਵਟਾਂਦਰਾ ਹੋਵੇਗਾ। ਇਹ ਪਹਿਲੀ ਵਾਰ ਹੈ ਜਦੋਂ ਇਹ ਇਜਲਾਸ ਪੰਜਾਬ ਵਿਧਾਨ ਸਭਾ ਤੋਂ ਬਾਹਰ ਹੋ ਰਿਹਾ ਹੈ।

**ਮਾਣ ਭੱਤੇ ਨੂੰ ਲੈ ਕੇ ਪੰਜਾਬ ਸਰਕਾਰ ਨੇ ਕੀਤਾ ਵੱਡਾ ਐਲਾਨ :** ਪੰਜਾਬ ਸਰਕਾਰ ਨੇ ਸੂਬੇ ਦੇ ਸਰਪੰਚਾਂ ਲਈ ਵੱਡਾ ਐਲਾਨ ਕੀਤਾ ਹੈ। ਸਰਕਾਰ ਵੱਲੋਂ ਜਾਰੀ ਨਿਰਦੇਸ਼ਾਂ ਵਿਚ ਆਖਿਆ ਗਿਆ ਹੈ ਕਿ ਪੰਚਾਇਤਾਂ ਦੀ ਆਮਦਨੀ ਦੇ ਆਧਾਰ 'ਤੇ ਸਰਪੰਚਾਂ ਨੂੰ ਮਾਣ ਭੱਤੇ ਦੀ ਅਦਾਇਗੀ ਕੀਤੀ ਜਾਵੇਗੀ। ਫੰਡ ਵਾਲੀਆਂ ਪੰਚਾਇਤਾਂ ਜਿਨ੍ਹਾਂ ਪੰਚਾਇਤਾਂ ਕੋਲ ਆਪਣੇ ਫੰਡ ਮੌਜੂਦ ਹਨ ਅਤੇ ਆਮਦਨੀ ਦਾ ਸਾਧਨ ਹੈ, ਉਹ ਸਰਪੰਚਾਂ ਦਾ ਮਾਣ ਭੱਤਾ ਖੁਦ ਹੀ ਜਨਰੇਟ ਕਰਕੇ ਅਦਾ ਕਰ ਸਕਦੀਆਂ ਹਨ। ਇਸ ਤੋਂ ਇਲਾਵਾ ਜਿਹੜੀਆਂ ਪੰਚਾਇਤਾਂ ਕੋਲ ਆਮਦਨੀ ਦਾ ਕੋਈ ਸਾਧਨ ਨਹੀਂ ਹੈ ਜਾਂ ਫੰਡ ਦੀ ਕਮੀ ਹੈ, ਉਨ੍ਹਾਂ ਪੰਚਾਇਤਾਂ ਲਈ ਮਾਣ ਭੱਤੇ ਦਾ ਪ੍ਰਬੰਧ ਬਲਾਕ ਸੰਮਤੀ ਨੂੰ ਕਰਨਾ ਪਵੇਗਾ। ਇਸ ਫੈਸਲੇ ਦਾ ਮਤਲਬ ਹੈ ਕਿ ਪੰਚਾਇਤਾਂ ਨੂੰ ਉਨ੍ਹਾਂ ਦੀ ਵਿੱਤੀ ਸਥਿਤੀ ਦੇ ਆਧਾਰ 'ਤੇ ਮਾਣ ਭੱਤੇ ਲਈ ਵੱਖਰੇ ਤਰੀਕੇ ਨਾਲ ਫੰਡ ਮੁਹੱਈਆ ਕਰਵਾਏ ਜਾਣਗੇ। ਲਿਹਾਜ਼ਾ ਨਾਲ ਸਰਪੰਚਾਂ ਨੂੰ ਵੱਡਾ ਫਾਇਦਾ ਹੋਵੇਗਾ।

**ਅਸ਼ੀਰਵਾਦ ਸਕੀਮ ਨੂੰ ਲੈ ਕੇ ਮਾਨ ਸਰਕਾਰ ਦਾ ਨਵਾਂ ਫ਼ੈਸਲਾ** -ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਲਾਭ ਲੈਣ ਲਈ ਅਪਲਾਈ ਕਰਨ ਵਾਲੇ ਬਿਨੈਕਾਰਾਂ ਦੀ ਸਹੂਲਤ ਨੂੰ ਧਿਆਨ ਵਿਚ ਰੱਖਦੇ ਹੋਏ ਅਪਲਾਈ ਕਰਨ ਦੀ ਸਮਾਂ-ਸੀਮਾ 30 ਦਿਨ ਤੋਂ ਵਧਾ ਕੇ 60 ਦਿਨ ਕਰ ਦਿੱਤੀ ਗਈ ਹੈ। ਇਸ ਮਹੱਤਵਪੂਰਨ ਫੈਸਲੇ ਨਾਲ ਹੁਣ ਯੋਗ ਪਰਿਵਾਰ ਆਸਾਨੀ ਨਾਲ ਦਸਤਾਵੇਜ਼ੀ ਕਾਰਵਾਈ ਪੂਰੀ ਕਰਕੇ ਸਕੀਮ ਦਾ ਲਾਭ ਲੈ ਸਕਣਗੇ, ਜਿਸ ਨਾਲ ਕੋਈ ਵੀ ਪਰਿਵਾਰ ਸਹਾਇਤਾ ਤੋਂ ਵਾਂਝਾ ਨਹੀਂ ਰਹੇਗਾ।

## ਪੰਜਾਬ ਸਰਕਾਰ ਵੱਲੋਂ ਖਾਲੀ ਖਜ਼ਾਨਾ ਭਰਨ ਦੀਆਂ ਕੋਸ਼ਿਸ਼ਾਂ ਜਾਰੀ; ਹੁਣ ਪਟਿਆਲਾ 'ਚ ਸਰਕਾਰੀ ਜ਼ਮੀਨ ਵੇਚਣ ਦੀ ਤਿਆਰੀ 'ਚ ਮਾਨ ਸਰਕਾਰ

**ਪਟਿਆਲਾ, 15 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਆਪਣਾ ਖਾਲੀ ਖਜ਼ਾਨਾ ਭਰਨ ਦੀਆਂ ਕੋਸ਼ਿਸ਼ਾਂ ਲਗਾਤਾਰ ਜਾਰੀ ਹੈ। ਜਿਸ ਦੇ ਚੱਲਦੇ ਮਾਨ ਸਰਕਾਰ ਵੱਲੋਂ ਹੁਣ ਪਟਿਆਲਾ 'ਚ ਸਰਕਾਰੀ ਜ਼ਮੀਨ ਵੇਚਣ ਦੀ ਤਿਆਰੀ ਕੀਤੀ ਜਾ ਰਹੀ ਹੈ। ਮਿਲੀ ਜਾਣਕਾਰੀ ਮੁਤਾਬਿਕ ਪੰਜਾਬ ਸਰਕਾਰ ਇਸ ਜਮੀਨ ਨੂੰ ਖਾਲੀ ਜ਼ਮੀਨ ਨੂੰ ਪੁੱਡਾ ਜਾਂ ਕਿਸੇ ਹੋਰ ਏਜੰਸੀ ਨੂੰ ਟ੍ਰਾਂਸਫਰ ਕੀਤਾ ਜਾਵੇਗਾ। ਇਸ ਸਬੰਧੀ ਸਰਕਾਰ ਨੇ ਨੋਟਿਸ ਵੀ ਜਾਰੀ ਕੀਤਾ ਹੈ। ਦੱਸ ਦਈਏ ਕਿ ਲੈਂਡ ਪੂਲਿੰਗ ਸਕੀਮ ਵਾਪਸ ਲੈਣ ਮਗਰੋਂ ਪੰਜਾਬ ਸਰਕਾਰ ਵੱਲੋਂ ਖਾਲੀ ਖਜਾਨਾ ਭਰਨ ਲਈ ਇਹ ਕਦਮ ਚੁੱਕਿਆ ਗਿਆ ਹੈ। ਸਰਕਾਰ ਵੱਲੋਂ ਲਗਭਗ ਪਾਵਰਕੌਮ ਦੀ 90 ਏਕੜ ਜ਼ਮੀਨ ਨੂੰ ਵੇਚਿਆ ਜਾਵੇਗਾ। ਦੱਸ ਦਈਏ ਕਿ ਪਟਿਆਲਾ ਦੇ ਗੇਟ ਨੰਬਰ 23 ਦੇ ਬੰਡੂਗਰ ਨੇੜੇ ਪਾਵਰਕੌਮ ਦੀ 90% ਜ਼ਮੀਨ ਖਾਲੀ ਹੈ। ਇਸ ਸਬੰਧੀ ਪੰਜਾਬ ਸਰਕਾਰ ਨੇ ਪਾਵਰਕੌਮ ਦੇ ਸੀਨੀਅਰ ਅਧਿਕਾਰੀਆਂ ਨੂੰ ਪੱਤਰ ਵੀ ਲਿਖਿਆ ਹੈ। ਜਿਸ 'ਚ ਕਿਹਾ ਗਿਆ ਹੈ ਕਿ ਖਾਲੀ ਜ਼ਮੀਨ ਨੂੰ ਪੁੱਡਾ ਜਾਂ ਕਿਸੇ ਹੋਰ ਏਜੰਸੀ ਨੂੰ ਟ੍ਰਾਂਸਫਰ ਕਰਨ ਸਬੰਧੀ ਇਹ ਕਾਰਵਾਈ ਕੀਤੀ ਜਾ ਰਹੀ ਹੈ। ਪਾਵਰਕੌਮ ਦੀ ਖਾਲੀ ਜ਼ਮੀਨ 'ਤੇ ਦੋ 66 ਕੇਵੀ ਲਾਈਨਾਂ ਵਿਛਾਈਆਂ ਜਾ ਰਹੀਆਂ ਹਨ। ਪਾਵਰਕੌਮ ਨੇ ਲਾਈਨਾਂ ਨੂੰ ਹਟਾਉਣ ਲਈ ਵੀ ਵਿਭਾਗੀ ਕਾਰਵਾਈ ਸ਼ੁਰੂ ਕੀਤੀ।



## ਦਿੱਲੀ ਧਮਾਕਿਆਂ ਮਗਰੋਂ ਪੰਜਾਬ 'ਚ ਕਾਰਵਾਈ, ਪਠਾਨਕੋਟ ਤੋਂ ਫੜਿਆ ਗਿਆ ਡਾਕਟਰ

**ਪਠਾਨਕੋਟ :** ਦਿੱਲੀ ਬੰਬ ਧਮਾਕਿਆਂ ਦੀ ਜਾਂਚ ਦੌਰਾਨ ਸੁਰੱਖਿਆ ਏਜੰਸੀ ਨੂੰ ਇੱਕ ਹੋਰ ਵੱਡੀ ਸਫ਼ਲਤਾ ਹਾਸਲ ਹੋਈ ਹੈ। ਸੂਤਰਾਂ ਅਨੁਸਾਰ, ਏਜੰਸੀ ਦੀ ਟੀਮ ਨੇ ਪਠਾਨਕੋਟ ਦੇ ਇਕ ਨਿੱਜੀ ਮੈਡੀਕਲ ਕਾਲਜ ਅਤੇ ਹਸਪਤਾਲ ਤੋਂ ਡਾ. ਰਈਸ ਅਹਿਮਦ ਨਾਮਕ ਡਾਕਟਰ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਡਾਕਟਰ ਜੰਮੂ ਦੇ ਅਨੰਤਨਾਗ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ, ਡਾ. ਰਿਈਸ ਅਹਿਮਦ 2020 ਤੋਂ 2021 ਤੱਕ ਫਰੀਦਾਬਾਦ ਦੀ ਏ.ਐਲ. ਫਲਾਹ ਯੂਨੀਵਰਸਿਟੀ ਵਿੱਚ ਕੰਮ ਕਰਦਾ ਰਿਹਾ ਅਤੇ ਉਥੇ ਦੇ ਕਈ ਡਾਕਟਰਾਂ ਨਾਲ ਉਸਦਾ ਲਗਾਤਾਰ ਸੰਪਰਕ ਬਣਿਆ ਹੋਇਆ ਸੀ। ਸਭ ਤੋਂ ਚੁਣੌਤੀਪੂਰਨ ਗੱਲ ਇਹ ਹੈ ਕਿ ਉਹ ਦਿੱਲੀ ਧਮਾਕਿਆਂ ਦੇ ਮੁੱਖ ਦੋਸ਼ੀ ਡਾ. ਉਮਰ ਨਾਲ ਵੀ ਲਿੰਕ ਵਿੱਚ ਸੀ। ਇਸ ਸੰਪਰਕ ਨੇ ਸੁਰੱਖਿਆ ਏਜੰਸੀ ਦਾ ਧਿਆਨ ਇਸ ਵੱਲ ਖਿੱਚਿਆ। ਏਜੰਸੀ ਨੇ ਡਾਕਟਰ ਨੂੰ ਪਠਾਨਕੋਟ ਤੋਂ ਗ੍ਰਿਫ਼ਤਾਰ ਕਰਕੇ ਪੁੱਛਗਿੱਛ ਲਈ ਆਪਣੇ ਨਾਲ ਲੈ ਲਿਆ ਹੈ।

## ਲੁਧਿਆਣਾ ਜੀਐਸਟੀ ਨੇ ਮਜ਼ਦੂਰ ਨੂੰ 35 ਕਰੋੜ ਦਾ ਨੋਟਿਸ ਭੇਜਿਆ

**ਪਟਿਆਲਾ, 15 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮੋਗਾ ਦੇ ਬੋਹਣਾ ਚੌਂਕ 'ਚ ਰਹਿਣ ਵਾਲੇ ਅਜਮੇਰ ਸਿੰਘ ਮਜ਼ਦੂਰੀ ਕਰਦੇ ਹਨ। ਉਨ੍ਹਾਂ ਨੂੰ ਜੀ. ਐਸ. ਟੀ. ਵਿਭਾਗ ਵੱਲੋਂ 35 ਕਰੋੜ ਰੁਪਏ ਜਮ੍ਹਾਂ ਕਰਣ ਦਾ ਨੋਟਿਸ ਭੇਜਿਆ ਗਿਆ ਹੈ। ਇਸ ਨੋਟਿਸ ਤੋਂ ਬਾਅਦ ਅਜਮੇਰ ਸਿੰਘ ਬਹੁਤ ਜ਼ਿਆਦਾ ਪਰੇਸ਼ਾਨ ਹਨ। ਜਦੋਂ ਉਹ ਸਪਸ਼ਟੀਕਰਨ ਲਈ ਲੁਧਿਆਣਾ ਦੇ ਜੀ. ਐਸ. ਟੀ. ਦਫ਼ਤਰ ਪਹੁੰਚੇ ਤਾਂ ਇਸ ਪੂਰੇ ਮਾਮਲੇ 'ਚ ਵੱਡਾ ਖੁਲਾਸਾ ਹੋਇਆ। ਇਸ ਤੋਂ ਬਾਅਦ ਅਜਮੇਰ ਸਿੰਘ ਮੋਗਾ ਸਿਟੀ ਸਾਊਥ ਥਾਣੇ ਪਹੁੰਚੇ ਅਤੇ ਪੁਲਿਸ ਵਿੱਚ ਸ਼ਿਕਾਇਤ ਦੇ ਕੇ ਮੰਗ ਕੀਤੀ ਕਿ ਇਸ ਪੂਰੇ ਮਾਮਲੇ ਦੀ ਜਾਂਚ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਇਨਸਾਫ਼ ਦਿਵਾਇਆ ਜਾਵੇ। ਅਜਮੇਰ ਸਿੰਘ ਨੇ ਦੱਸਿਆ ਕਿ ਉਹ ਮਜ਼ਦੂਰੀ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦੇ ਹਨ। ਕਦੇ ਕੰਮ ਮਿਲਦਾ ਹੈ, ਕਦੇ ਨਹੀਂ। ਪਰ ਜਦੋਂ ਉਨ੍ਹਾਂ ਨੂੰ 35 ਕਰੋੜ ਰੁਪਏ ਦਾ ਨੋਟਿਸ ਮਿਲਿਆ ਤਾਂ ਉਨ੍ਹਾਂ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ। ਉਨ੍ਹਾਂ ਨੇ ਦੱਸਿਆ ਕਿ ਦੋ ਸਾਲ ਪਹਿਲਾਂ ਵੀ 21 ਲੱਖ ਰੁਪਏ ਦਾ ਇੱਕ ਨੋਟਿਸ ਆਇਆ ਸੀ, ਪਰ ਜਦੋਂ ਉਹ ਜੀ. ਐਸ. ਟੀ. ਦਫ਼ਤਰ ਗਏ ਤਾਂ ਕੋਈ ਕਾਰਵਾਈ ਨਹੀਂ ਹੋਈ। ਪਰ ਇਸ ਵਾਰੀ ਰਕਮ ਇੰਨੀ ਵੱਡੀ ਸੀ ਕਿ ਉਹ ਸਮਝ ਹੀ ਨਹੀਂ ਪਾ ਰਹੇ ਕਿ ਇਹ ਸਭ ਕਿਵੇਂ ਹੋ ਗਿਆ। ਅਜਮੇਰ ਸਿੰਘ ਦੇ ਮੁਤਾਬਕ, ਜਦੋਂ ਉਹ ਦੁਬਾਰਾ ਜੀ. ਐਸ. ਟੀ. ਦਫ਼ਤਰ ਪਹੁੰਚੇ ਤਾਂ ਪਤਾ ਲੱਗਿਆ ਕਿ ਕਿਸੇ ਨੇ ਉਨ੍ਹਾਂ ਦੇ ਨਾਮ 'ਤੇ CEE KAY INTERNATIONAL ਨਾਂ ਦੀ ਇੱਕ ਕੰਪਨੀ ਰਜਿਸਟਰ ਕਰਵਾ ਰੱਖੀ ਹੈ। ਇਹ ਕੰਪਨੀ ਲੁਧਿਆਣਾ ਦੇ ਗਿਲ ਰੋਡ ਇੰਡਸਟ੍ਰੀਅਲ ਏਰੀਆ ਵਿੱਚ ਦਰਜ ਹੈ। ਕੰਪਨੀ ਬਣਾਉਣ ਲਈ ਉਨ੍ਹਾਂ ਦਾ ਆਧਾਰ ਕਾਰਡ ਅਤੇ ਪੈਨ ਕਾਰਡ ਵਰਤਿਆ ਗਿਆ ਅਤੇ ਇਸੇ ਦੇ ਆਧਾਰ 'ਤੇ ਉਨ੍ਹਾਂ ਦੇ ਨਾਮ 'ਤੇ GST ਨੰਬਰ ਲੈ ਕੇ ਕਰੋੜਾਂ ਰੁਪਏ ਦਾ ਲੈਣ-ਦੇਣ ਕੀਤਾ ਗਿਆ। ਅਜਮੇਰ ਸਿੰਘ ਦਾ ਕਹਿਣਾ ਹੈ ਕਿ ਕੋਰੋਨਾ ਦੌਰਾਨ ਇੱਕ ਸੰਸਥਾ ਨੇ ਉਨ੍ਹਾਂ ਨੂੰ ਰਾਸ਼ਨ ਦੇਣ ਲਈ ਆਧਾਰ ਕਾਰਡ ਮੰਗਿਆ ਸੀ। ਸੰਭਾਵਨਾ ਹੈ ਕਿ ਓਦੋ ਹੀ ਉਨ੍ਹਾਂ ਦੀ ਜਾਣਕਾਰੀ ਦਾ ਗਲਤ ਇਸਤੇਮਾਲ ਕੀਤਾ ਗਿਆ ਹੋਵੇ। ਉਹ ਕਹਿੰਦੇ ਹਨ ਕਿ ਉਨ੍ਹਾਂ ਨੇ ਕਦੇ ਪੈਨ ਕਾਰਡ ਨਹੀਂ ਬਣਵਾਇਆ। ਅਜਮੇਰ ਸਿੰਘ ਨੇ ਮੰਗ ਕੀਤੀ ਹੈ ਕਿ ਉਨ੍ਹਾਂ ਦੇ ਨਾਮ 'ਤੇ ਹੋਏ ਇਸ ਵੱਡੇ ਘਪਲੇ ਦੀ ਜਾਂਚ ਕੀਤੀ ਜਾਵੇ ਅਤੇ ਜਿਨ੍ਹਾਂ ਲੋਕਾਂ ਨੇ ਕਰੋੜਾਂ ਰੁਪਏ ਦੀ ਜੀਐਸਟੀ ਧੋਖਾਧੜੀ ਕੀਤੀ ਹੈ, ਉਨ੍ਹਾਂ ਨੂੰ ਸਖਤ ਤੋਂ ਸਖਤ ਸਜ਼ਾ ਮਿਲਣੀ ਚਾਹੀਦੀ ਹੈ। ਕੌਂਸਲਰ ਜਗਜੀਤ ਸਿੰਘ ਜੀਤਾ ਨੇ ਦੱਸਿਆ ਕਿ ਇੱਕ ਗਰੀਬ ਪਰਿਵਾਰ ਨਾਲ ਬਹੁਤ ਵੱਡਾ ਧੋਖਾ ਹੋਇਆ ਹੈ। ਜੋ ਵਿਅਕਤੀ ਮਜ਼ਦੂਰੀ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦਾ ਹੈ, ਉਸਨੂੰ ਕਰੋੜਾਂ ਰੁਪਏ ਦਾ ਨੋਟਿਸ ਭੇਜ ਦਿੱਤਾ ਗਿਆ। ਉਸਦੇ ਆਧਾਰ ਕਾਰਡ ਦਾ ਗਲਤ ਫਾਇਦਾ ਉਠਾਕੇ ਉਸਦੇ ਨਾਮ 'ਤੇ ਇੱਕ ਕੰਪਨੀ ਰਜਿਸਟਰ ਕੀਤੀ ਗਈ ਅਤੇ ਉਸ ਉੱਤੇ GST ਨੰਬਰ ਲੈ ਕੇ ਕਰੋੜਾਂ ਦਾ ਲੈਣ-ਦੇਣ ਕੀਤਾ ਗਿਆ, ਜਿਸ ਨਾਲ ਸਰਕਾਰ ਨੂੰ ਵੀ ਨੁਕਸਾਨ ਪਹੁੰਚਿਆ। ਉਹਨਾਂ ਕਿਹਾ ਕਿ ਇਸ ਮਾਮਲੇ 'ਚ ਦੋਸ਼ੀਆਂ 'ਤੇ ਸਖ਼ਤ ਤੋਂ ਸਖ਼ਤ ਕਾਰਵਾਈ ਹੋਣੀ ਜ਼ਰੂਰੀ ਹੈ। ਥਾਣੇ 'ਚ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ, ਹੁਣ ਦੇਖਣਾ ਇਹ ਹੈ ਕਿ ਅਗਲੇ ਕਦਮ ਵਜੋਂ ਪੁਲਿਸ ਕੀ ਕਾਰਵਾਈ ਕਰਦੀ ਹੈ।




## ਸ਼੍ਰੋਮਣੀ ਅਕਾਲੀ ਦਲ ਦੇ ਆਈ.ਟੀ.ਵਿੰਗ ਦੇ ਪ੍ਰਧਾਨ ਨੱਛਤਰ ਗਿੱਲ ਨੂੰ ਪੁਲਿਸ ਨੇ ਹਿਰਾਸਤ 'ਚ ਲਿਆ

**ਚੰਡੀਗੜ੍ਹ, 15 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਆਈ.ਟੀ ਵਿੰਗ ਦੇ ਪ੍ਰਧਾਨ ਨੱਛਤਰ ਗਿੱਲ ਨੂੰ ਪੁਲਿਸ ਵਲੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਅੰਮ੍ਰਿਤਸਰ ਦੇ ਰਣਜੀਤ ਐਵਨਿਊ 'ਚ ਇੱਕ ਕੈਫ਼ੇ 'ਚ ਬੈਠੇ ਨੱਛਤਰ ਗਿੱਲ ਨੂੰ ਬਿਨ੍ਹਾਂ ਕਾਰਨ ਦੱਸੇ ਪੁਲਿਸ ਵਲੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਿਸ ਨੇ ਕੈਫ਼ੇ ਦਾ ਡੀਵੀਆਰ ਵੀ ਆਪਣੇ ਕਬਜ਼ੇ 'ਚ ਲੈ ਲਿਆ ਹੈ। ਤਰਨਤਾਰਨ ਜ਼ਿਮਨੀ ਚੋਣ ਦੌਰਾਨ ਵੀ ਅਨੇਕਾਂ ਵਾਰ ਪੁਲਿਸ ਵਲੋਂ ਨੱਛਤਰ ਗਿੱਲ ਨੂੰ ਧਮਕਾਇਆ ਗਿਆ ਸੀ। ਤਰਨਾਤਰਨ ਪੁਲਿਸ ਦੇ ਡੀਐਸਪੀ ਅਤੁਲ ਸੋਨੀ ਦੀ ਅਗਵਾਈ ਹੇਠਲੀ ਟੀਮ ਵਲੋਂ ਨੱਛਤਰ ਗਿੱਲ ਹਿਰਾਸਤ 'ਚ ਲਿਆ ਗਿਆ ਹੈ।



## ਜਲੰਧਰ 'ਚ ਪ੍ਰਵਾਸੀ ਔਰਤ ਦੀ ਵਿਵਾਦਿਤ ਟਿੱਪਣੀ, ਗੁਰਦੁਆਰਾ ਸਾਹਿਬ 'ਤੇ ਇਤਰਾਜ਼ਯੋਗ ਬਿਆਨ, ਸਿੱਖ ਭਾਈਚਾਰੇ 'ਚ ਰੋਹ

**ਜਲੰਧਰ, 15 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿੱਚ ਪ੍ਰਵਾਸੀ ਮਜ਼ਦੂਰਾਂ ਨੇ ਕੱਲ੍ਹ ਬਸਤੀ ਬਾਵਾ ਖੇਲ ਪੁਲਿਸ ਸਟੇਸ਼ਨ ਦਾ ਘਿਰਾਓ ਕਰਕੇ ਵਿਰੋਧ ਪ੍ਰਦਰਸ਼ਨ ਕੀਤਾ। ਇਸ ਵਿਰੋਧ ਪ੍ਰਦਰਸ਼ਨ ਦੌਰਾਨ, ਇੱਕ ਪ੍ਰਵਾਸੀ ਔਰਤ ਨੇ ਪਟਨਾ ਸਾਹਿਬ ਦੇ ਗੁਰਦੁਆਰਾ ਸਾਹਿਬ ਨੂੰ ਲੈਕੇ ਇਤਰਾਜ਼ਯੋਗ ਟਿੱਪਣੀ ਕੀਤੀ। ਉਸ ਔਰਤ ਨੇ ਕਿਹਾ ਕਿ ਪੰਜਾਬ ਤੋਂ ਸ਼ਰਧਾਲੂ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਦੇ ਜਨਮ ਸਥਾਨ ਪਟਨਾ ਸਾਹਿਬ ਜਾਂਦੇ ਹਨ, ਜਿੱਥੇ ਤਖ਼ਤ ਸਾਹਿਬ ਸਥਿਤ ਹੈ। ਉਸ ਨੇ ਟਿੱਪਣੀ ਕੀਤੀ ਕਿ ਜਿਹੜੇ ਲੋਕ ਉੱਥੇ ਮੱਥਾ ਟੇਕਣ ਆਉਂਦੇ ਹਨ, ਉਨ੍ਹਾਂ ਨੂੰ ਜੁੱਤੀਆਂ ਮਾਰਨਾ ਚਾਹੀਦਾ ਹੈ। ਇਸ ਮਾਮਲੇ ਸਬੰਧੀ ਸਿੱਖ ਸੰਗਠਨਾਂ ਨੇ ਏਸੀਪੀ ਵੈਸਟ ਕੋਲ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ ਇਸ ਘਟਨਾ ਨਾਲ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚੀ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਪੁਲਿਸ ਔਰਤ ਵਿਰੁੱਧ ਸਖ਼ਤ ਕਾਰਵਾਈ ਕਰੇ। ਸ਼੍ਰੋਮਣੀ ਅਕਾਲੀ ਦਲ ਜਲੰਧਰ ਸ਼ਹਿਰੀ ਦੇ ਪ੍ਰਧਾਨ ਇਕਵਾਲ ਸਿੰਘ ਢੀਂਡਸਾ ਨੇ ਕਿਹਾ ਕਿ ਵਿਰੋਧ ਪ੍ਰਦਰਸ਼ਨ ਦੌਰਾਨ ਉੱਥੋਂ ਲੰਘ ਰਹੀ ਇੱਕ ਸਿੱਖ ਔਰਤ ਨਾਲ ਬਦਸਲੂਕੀ ਕੀਤੀ ਗਈ। ਇਸ ਰੋਸ ਕਰਕੇ ਵੱਖ-ਵੱਖ ਸਮੂਹਾਂ ਨੇ ਬਸਤੀ ਬਾਵਾ ਖੇਲ ਪੁਲਿਸ ਸਟੇਸ਼ਨ ਅਤੇ ਏਸੀਪੀ ਜਲੰਧਰ ਪੱਛਮੀ ਨੂੰ ਸ਼ਿਕਾਇਤ ਦਰਜ ਕਰਵਾਈ, ਜਿਸ ਵਿੱਚ ਔਰਤ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ।



ਵਾਹਿਗੁਰੂ ਜੀ ਕਾ ਖਾਲਸਾ।। ਵਾਹਿਗੁਰੂ ਜੀ ਕੀ ਫਤਿਹ।।
ਪਹਿਲੇ ਪਾਤਸ਼ਾਹ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ
ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ
ਮਿਤੀ 16 ਨਵੰਬਰ 2025 ਦਿਨ ਐਤਵਾਰ
ਇੰਨਸਬਰੁਕ ਫਰਾਲਬੁਰਗ, ਸਾਲਜ਼ਬੁਰਗ, ਲਿੰਨਸ
ਵਿਆਨਾ, ਗਰਾਸ, ਕਲਾਗਨਫੁਰਟ ਇਟਲੀ ਅਤੇ
ਜਰਮਨ ਦੀਆਂ ਸਮੁੱਚੀਆਂ ਸੰਗਤਾਂ ਵੱਲੋਂ
ਮਹਾਨ ਗੁਰਮਤਿ ਸਮਾਗਮ
ਬਹੁਤ ਹੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।
ਆਵਾਜ਼ਿ ਕੌਮ AWAZE QAUM International Newspaper & WEB TV
★ ਪ੍ਰੋਗਰਾਮ ਦਾ ਵੇਰਵਾ ★
ਪਾਠ ਸ਼੍ਰੀ ਸੁਖਮਨੀ ਸਾਹਿਬ.. 9:30 ਤੋਂ 11 ਵਜੇ
ਕੀਰਤਨ ਦੀਵਾਨ.....11:00 ਤੋਂ 11:30 ਵਜੇ
ਢਾਡੀ ਦਰਬਾਰ......11:30 ਤੋਂ 1:00 ਵਜੇ
ਬੁਲਾਰੇ........1:00 ਤੋਂ 1:30 ਵਜੇ
ਕਵੀਸ਼ਰ ਜੱਥਾ ਭਾਈ ਸਤਨਾਮ ਸਿੰਘ ਸਰਹਾਲੀ
ਆਪ ਸਰਬੱਤ ਸੰਗਤਾਂ ਨੇ ਵੱਧ ਚੜ੍ਹ ਕੇ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।
ਬੇਨਤੀ ਕਰਤਾ :- ਸਮੂਹ ਸਾਧ ਸੰਗਤ ਇੰਨਸਬਰੁਕ ਅਤੇ ਤਿਰੋਲ।
Add: Bernhard - Hofe - Str 7A 6020 Innsbruck, Austria
More info. +43 69914149114, +43 69919488430, +43 6503502765
0049 172 9175489, 0039 329 9873586
06:13

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

---

ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆਂ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---



## ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ। ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

## 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# ਗੁਰਮਤਿ ਸਮਾਗਮ







**GURU NANAK GURDWARA WILLENHALL 65-67 WALSAL ROAD (WV13 2RD)**

**30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ**



ਭਾਈ ਅੰਮ੍ਰਿਤਪਾਲ ਸਿੰਘ ਢੱਪਈ (3:30 ਵਜੇ)



ਭਾਈ ਕਮਲਜੀਤ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ (4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋਂ 6:00 ਵਜੇ ਤੱਕ ਹੋਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ




ਪੰਥ ਪ੍ਰਸਿੱਧ ਕਵੀਸ਼ਰੀ ਜਥਾ ਜਾਗੋਵਾਲਾ ਜਥਾ (6 ਵਜੇ)



ਭਾਈ ਜਗਤਾਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ (7 ਵਜੇ)

**ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ**


**ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204**

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






## SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਸ਼ਹੀਦੀ ਦਿਹਾੜਾ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ



☛ ਸ਼ਹੀਦੀ ਦਿਹਾੜਾ ਸਿਰਲੱਥ ਜੋਧਾ ਅਨੌਖੇ ਅਮਰ ਸ਼ਹੀਦ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ। ☛ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸ਼ੁੱਕਰਵਾਰ 11:00 ਵਜੇ ਹੋਵੇਗੀ ਅਤੇ ਐਤਵਾਰ 11:00 ਵਜੇ ਸੰਪੂਰਨ ਭੋਗ ਪੈਣਗੇ ☛ ਅਨੌਖੇ ਅਮਰ ਸ਼ਹੀਦ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ ਨੂੰ ਪਿਆਰ ਕਰਨ ਵਾਲਿਆਂ ਸਮੂਹ ਸਿੱਖ ਸੰਗਤਾਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਲਈ ਗਈ ਹੈ।

## ਸ਼ਨਿੱਚਰਵਾਰ 15 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 16 ਨਵੰਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:45 ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਸੁਖਦੇਵ ਸਿੰਘ ਬੁੱਟਰ ਬਟਾਲੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਮੱਘਰ ਚੜ੍ਹੇ ਜੋ ਸਰਦੀ ਹੋਈ...

ਲੇਖਕ
ਆਸਾ ਸਿੰਘ ਘੁਮਾਣ




ਦੀਆਂ ਬਹੁਤ-ਬਹੁਤ ਵਧਾਈਆਂ

ਆਵਾਜ਼ਿ ਕੌਮ AWAZE QAUM International Newspaper & WEB TV

**ਪੰਜਾਬ** ਵਿਚ ਮੱਘਰ ਦੇ ਮਹੀਨੇ ਤੱਕ ਕਾਫੀ ਠੰਢ ਹੋ ਜਾਂਦੀ ਹੈ। ਤਾਪਮਾਨ ਘੱਟੋ ਘੱਟ 8 ਡਿਗਰੀ ਅਤੇ ਵੱਧ ਤੋਂ ਵੱਧ 25 ਡਿਗਰੀ ਸੈਲਸੀਅਸ ਤੱਕ ਡਿੱਗ ਪੈਂਦਾ ਹੈ। ਮੱਘਰ ਦੀ ਸੰਗਰਾਂਦ ਨੂੰ ਸੂਰਜ ਸਵੇਰੇ 7 ਕੁ ਵਜੇ ਚੜ੍ਹਦਾ ਹੈ ਅਤੇ ਸ਼ਾਮ ਨੂੰ 5, 5:30 ਦੇ ਕਰੀਬ ਡੁੱਬਦਾ ਹੈ। ਇਸ ਤਰ੍ਹਾਂ ਇਸ ਮਹੀਨੇ ਦੀਆਂ ਰਾਤਾਂ ਸਾਢੇ ਤੇਰਾਂ ਘੰਟੇ ਦੇ ਕਰੀਬ ਹੁੰਦੀਆਂ ਹਨ। ਕੇਸ਼ਵ ਦਾਸ ਇਸ ਮਹੀਨੇ ਦਾ ਰਿਤੂ-ਚਿਤਰਨ ਕਰਦਿਆਂ ਲਿਖਦਾ ਹੈ, "ਮੱਘਰ ਦਾ ਮਹੀਨਾ ਸਿਆਲ ਆਉਣ ਦੀ ਸੂਚਨਾ ਦਿੰਦਾ ਹੈ। ਦਿਨ ਛੋਟੇ ਹੋ ਜਾਂਦੇ ਹਨ ਤੇ ਰਾਤਾਂ ਲੰਮੀਆਂ। ਆਕਾਸ਼ ਦਾ ਰੰਗ ਨਿਖਰਿਆ ਹੋਇਆ ਨੀਲਾ ਹੋ ਜਾਂਦਾ ਹੈ। ਹਵਾ ਚੂੰਡੀਆਂ ਭਰਨ ਲੱਗ ਜਾਂਦੀ ਹੈ। ਸਿਆਲੇ ਦੀ ਚੜ੍ਹਤਲ ਤੋਂ ਡਰਦੇ ਦਰਿੰਦੇ ਖੂੰਜੇ ਅਤੇ ਘੁਰਨੇ ਤਲਾਸ਼ ਕਰਨ ਲਗਦੇ ਹਨ। ਤੀਵੀਂਆਂ ਸਰਦੀਆਂ ਦੀ ਤਿਆਰੀ ਲਈ ਰਜਾਈਆਂ ਨਗੰਦਦੀਆਂ ਹਨ। ਇਸ ਰੁੱਤ ਵਿਚ ਅਸਮਾਨ ਨੀਲੀ ਭਾਅ ਮਾਰਦਾ ਹੈ ਅਤੇ ਉਸ ਉਤੇ ਬੱਦਲਾਂ ਦੀ ਇਕ ਟਾਕੀ ਤੱਕ ਨਹੀਂ ਹੁੰਦੀ। ਪਹਾੜਾਂ ਵੱਲੋਂ ਠੱਕਾ ਚੱਲਦਾ ਹੈ। ਮਨੁੱਖ ਤਾਂ ਕੀ, ਪਸ਼ੂ ਵੀ ਢਾਰਿਆਂ ਦਾ ਨਿੱਘ ਭਾਲਦੇ ਹਨ। ਜਿਉਂ-ਜਿਉਂ ਸਰਦੀ ਦਾ ਜ਼ੋਰ ਵਧਦਾ ਹੈ, ਕਚਨਾਰਾਂ ਦੇ ਪੱਤਰ ਝੜਦੇ ਹਨ ਅਤੇ ਟਾਹਣੀਆਂ ਨੰਗੀਆਂ ਤੇ ਬੁੱਚੀਆਂ ਹੋ ਜਾਂਦੀਆਂ ਹਨ। ਬ੍ਰਿੰਦਾਬਨ ਦੀਆਂ ਉਨ੍ਹਾਂ ਨਹਾਉਂਦੀਆਂ ਗੋਪੀਆਂ ਵਾਂਗ ਜਿਨ੍ਹਾਂ ਦੇ ਕੱਪੜਿਆਂ ਨੂੰ ਮਨਹਰ-ਦੇਵ ਗੋਵਿੰਦ ਚੁਰਾ ਕੇ ਲੈ ਗਿਆ ਹੋਵੇ।"

ਮੱਘਰ ਮਹੀਨੇ ਕੋਈ ਖਾਸ ਤਿਉਹਾਰ ਨਹੀਂ ਮਨਾਇਆ ਜਾਂਦਾ ਤੇ ਨਾ ਹੀ ਕੋਈ ਮੇਲਾ ਵਗੈਰਾ ਭਰਦਾ ਹੈ। ਸ਼ਾਇਦ ਇਹ ਮਹੀਨਾ ਵਿਆਹ ਸ਼ਾਦੀਆਂ ਲਈ ਵਿਹਲਾ ਛੱਡਿਆ ਹੋਵੇ। ਮੌਸਮ ਪੱਖੋਂ ਇਹ

ਆਵਾਜ਼ਿ ਕੌਮ AWAZE QAUM International Newspaper & WEB TV

ਮਹੀਨਾ ਵਿਆਹਾਂ ਦੇ ਬਹੁਤ ਅਨੁਕੂਲ ਹੈ। ਚੀਜ਼ਾਂ ਵਸਤਾਂ ਖਰਾਬ ਨਹੀਂ ਹੁੰਦੀਆਂ, ਖੇਤੀਬਾੜੀ ਤੋਂ ਵੀ ਵਿਹਲ ਹੁੰਦੀ ਹੈ। ਮੇਲ-ਮਿਲਾਪ ਵੀ ਨਿੱਘ ਦਿੰਦਾ ਹੈ ਅਤੇ ਸੁਭਾਗ ਜੋੜੀ ਨੂੰ ਪ੍ਰਾਈਵੇਸੀ ਹੰਢਾਉਣ ਲਈ ਅਤੇ ਮਹਿਮਾਨ ਨਿਵਾਜ਼ੀ ਲਈ ਅਗਲੇ ਤਿੰਨ ਮਹੀਨੇ ਅਨੁਕੂਲ ਮੌਸਮ ਮਿਲ ਜਾਂਦਾ ਹੈ। ਵੈਸੇ ਵੀ ਅੱਗੇ ਪੋਹ-ਮਾਘ ਵਿਚ ਜ਼ਿਆਦਾ ਸਰਦੀ ਹੋ ਜਾਂਦੀ ਹੈ, ਇਸ ਲਈ ਵਿਆਹ-ਸ਼ਾਦੀਆਂ ਦਾ ਪ੍ਰਬੰਧ ਕਰਨਾ ਅਤੇ ਮਹਿਮਾਨਾਂ ਦੇ ਰਹਿਣ ਲਈ ਇੰਤਜ਼ਾਮ ਕਰਨਾ ਔਖਾ ਹੁੰਦਾ ਹੈ।

ਲੋਕ ਨਿਸ਼ਚਾ ਰਿਹਾ ਹੈ ਕਿ ਮੱਘਰ ਮਹੀਨੇ ਵਿਆਹ ਕਰਨ ਵਾਲੇ ਦੋਸਤੀ ਭਰੀ ਦੀਰਘ-ਆਯੂ ਭੋਗਦੇ ਹਨ ਅਤੇ ਸੰਤਾਨ ਦਾ ਅਨੰਦ ਪ੍ਰਾਪਤ ਕਰਦੇ ਹਨ। ਐਨ. ਆਰ. ਆਈ. ਪੰਜਾਬੀ ਵੀ ਇਨ੍ਹੀਂ ਦਿਨੀਂ ਵਤਨ ਮੁੜਨੇ ਸ਼ੁਰੂ ਹੋ ਜਾਂਦੇ ਹਨ। ਮੈਰਿਜ ਪੈਲੇਸਾਂ ਅਤੇ ਬਾਜ਼ਾਰਾਂ ਵਿਚ ਖੂਬ ਭੀੜ ਹੋਣ ਲੱਗਦੀ ਹੈ। ਸਾਰੇ ਪਾਸੇ ਵਿਆਹ ਰਚਿਆ ਲੱਗਦਾ ਹੈ: ਕੱਪੜੇ ਦੀਆਂ ਦੁਕਾਨਾਂ 'ਤੇ, ਬੁਟੀਕਾਂ 'ਤੇ, ਬਿਊਟੀ ਪਾਰਲਰਾਂ 'ਤੇ, ਸੁਨਿਆਰਿਆਂ ਦੀਆਂ ਦੁਕਾਨਾਂ 'ਤੇ।

ਸਰਦੀਆਂ ਦੇ ਮੌਸਮ ਵਿਚ ਸਰਦੀ ਤੋਂ ਬਚਾਅ ਲਈ ਮੋਟੇ ਕੱਪੜੇ ਪਹਿਨੇ ਜਾਂਦੇ ਹਨ। ਲੋਕ ਵੰਨ-ਸੁਵੰਨੇ ਰੰਗਾਂ ਦੇ ਸਵੈਟਰ, ਜਰਸੀਆਂ, ਕੋਟੀਆਂ, ਕੋਟ-ਪੈਂਟ ਵਗੈਰਾ ਪਹਿਨੀ ਸਿਹਤਮੰਦ ਨਜ਼ਰ ਆਉਂਦੇ ਹਨ। ਕੁਝ ਸਾਲ ਪਹਿਲਾਂ ਤਾਂ ਮੱਘਰ ਦੀ ਤਿਆਰੀ ਵਜੋਂ ਕੱਤੇ ਵਿਚ ਹੀ ਮਨਿਆਰੀ ਦੀਆਂ ਦੁਕਾਨਾਂ 'ਤੇ ਕਈ ਰੰਗਾਂ ਦੀ ਉਨ ਦੇ ਢੇਰ ਲੱਗ ਜਾਂਦੇ ਸਨ। ਔਰਤਾਂ ਖੁਦ ਸਵੈਟਰ, ਜਰਸੀਆਂ, ਕੋਟੀਆਂ, ਮਫਲਰ, ਦਸਤਾਨੇ ਆਦਿ ਬੁਣਦੀਆਂ ਸਨ। ਧਿਆਨ ਕਿਸੇ ਹੋਰ ਪਾਸੇ ਰੱਖਦਿਆਂ ਵੀ ਬੁਣਾਈ ਕਰੀ ਜਾਂਦੀਆਂ ਔਰਤਾਂ ਦੀ ਕਲਾ ਦੇਖ ਕੇ ਹੈਰਾਨੀ ਹੁੰਦੀ ਸੀ। ਇਕ ਸਮਾਂ ਆਇਆ, ਜਦੋਂ ਸਕੂਲਾਂ ਵਿਚ ਪੜ੍ਹਾਉਂਦੀਆਂ 'ਭੈਣਜੀਆਂ' ਬੱਸ ਵਿਚ ਸਫਰ ਕਰਦਿਆਂ ਜਾਂ ਸਕੂਲ ਵਿਚ ਡਿਊਟੀ ਟਾਈਮ ਵਿਚ ਹੀ ਸਵੈਟਰ ਬੁਣੀ ਜਾਂਦੀਆਂ ਸਨ। ਸਮਾਂ ਬੜੀ ਤੇਜ਼ੀ ਨਾਲ ਬਦਲਿਆ ਹੈ, ਹੁਣ ਤਾਂ ਹਰ ਕੋਈ ਰੈਡੀਮੇਡ ਸਵੈਟਰ, ਜਰਸੀਆਂ, ਕੋਟ-ਪੈਂਟ ਖਰੀਦਦਾ ਹੈ। ਸਰਦੀਆਂ ਵਿਚ ਜਿਥੇ ਮਰਦ ਲੋਕ ਫੱਬ-ਫੱਬ ਪੈਂਦੇ ਹਨ, ਉਥੇ ਔਰਤਾਂ ਨੂੰ ਸਰਦੀਆਂ ਨਾਲ ਖਾਸ ਚਿੜ ਰਹੀ ਹੈ, ਕਿਉਂਕਿ ਸ਼ਾਲ ਵਗੈਰਾ ਲੈਣ ਨਾਲ ਉਨ੍ਹਾਂ ਦਾ ਜਿਸਮਾਨੀ ਰੋਅਬ ਮਾਰਿਆ ਜਾਂਦਾ ਹੈ। ਇਹੀ ਵਜ੍ਹਾ ਹੈ ਕਿ ਔਰਤਾਂ ਵਿਚ ਅੱਜ ਕੱਲ੍ਹ ਸ਼ਾਲ ਲੈਣ ਦਾ ਰੁਝਾਨ ਘਟਿਆ ਹੈ ਅਤੇ ਇਨਰ-ਵੀਅਰ ਜਾਂ ਵਾਰਮ-ਵੀਅਰ ਦਾ ਰਿਵਾਜ ਵਧਿਆ ਹੈ।

ਕੱਤਕ ਵਿਚ ਤਿਆਰ ਕੀਤੀਆਂ ਅਤੇ ਨਗੰਦੀਆਂ ਰਜਾਈਆਂ-ਤਲਾਈਆਂ ਮੱਘਰ ਮਹੀਨੇ ਬੜੇ ਚਾਵਾਂ ਨਾਲ ਲਈਆਂ ਜਾਂਦੀਆਂ ਹਨ। ਪੋਲੀਆਂ-ਪੋਲੀਆਂ ਤਲਾਈਆਂ ਅਤੇ ਨਿੱਘੀਆਂ-ਨਿੱਘੀਆਂ ਰਜਾਈਆਂ ਗੁਦਗੁਦਾ ਅਹਿਸਾਸ ਪੈਦਾ ਕਰਦੀਆਂ ਹਨ। ਰਜਾਈਆਂ ਤਿਆਰ ਕਰਨ ਦਾ ਕੰਮ ਵੀ ਬੜਾ ਦਿਲਚਸਪ ਹੁੰਦਾ ਹੈ। ਹਰ ਔਰਤ ਇਹ ਕੰਮ ਨਹੀਂ ਕਰ ਸਕਦੀ। ਇਹ ਵੀ ਕਲਾ ਹੁੰਦੀ ਹੈ। ਅੱਜ ਕੱਲ੍ਹ ਤਾਂ ਰਜਾਈਆਂ ਰੈਡੀਮੇਡ ਮਿਲ ਜਾਂਦੀਆਂ ਹਨ ਅਤੇ ਰਜਾਈਆਂ ਭਰਾਉਣ ਵਾਲੀਆਂ ਦੁਕਾਨਾਂ ਵੀ ਉਪਲਬਧ ਹਨ, ਪਰ ਕੁਝ ਕੁ ਸਾਲ ਪਹਿਲਾਂ ਤੱਕ ਪਿੰਡਾਂ ਵਿਚ ਇਹ ਕਾਰਜ ਬੀਬੀਆਂ ਰਲ-ਮਿਲ ਕੇ ਕਰਦੀਆਂ ਸਨ। ਰੂੰ-ਪਿੰਜਣੀ ਮਸ਼ੀਨ 'ਤੇ ਰੂੰ ਅਤੇ ਰਜਾਈ ਦੇ ਪੱਲੇ ਲਿਜਾ ਕੇ ਉਥੇ ਹੀ ਮੋਟੇ-ਮੋਟੇ ਨਗੰਦੇ ਮਾਰ ਲਏ ਜਾਂਦੇ ਤਾਂ ਕਿ ਰੂੰ ਇਕੱਠਾ ਨਾ ਹੋ ਜਾਵੇ। ਬਾਅਦ ਵਿਚ ਘਰ ਲਿਆ ਕੇ ਉਨ੍ਹਾਂ ਨੂੰ ਸਹੀ ਤਰ੍ਹਾਂ ਨਗੰਦ ਲਿਆ ਜਾਂਦਾ। ਅੱਜ ਕੱਲ੍ਹ ਭਾਵੇਂ ਬੜੀ ਅੱਛੀ ਕੁਆਲਿਟੀ ਦੇ ਕੰਬਲ ਆ ਗਏ ਹਨ, ਪਰ ਰਜਾਈ ਵਾਲਾ ਅਨੰਦ ਤਾਂ ਰਜਾਈ ਵਿਚ ਹੀ ਆਉਂਦਾ ਹੈ।

ਇਸ ਰੁੱਤ ਵਿਚ ਸੰਜੋਗ ਅਤੇ ਵਿਯੋਗ ਦੀਆਂ ਭਾਵਨਾਵਾਂ ਸਦਾ ਭਾਰੂ ਰਹੀਆਂ ਹਨ। ਇਕ ਤਾਂ ਰਾਤਾਂ ਲੰਮੀਆਂ ਹੁੰਦੀਆਂ ਹਨ, ਦੂਜਾ ਛੇਤੀ ਹੀ ਲੋਕੀਂ ਅੰਦਰੀਂ ਵੜ ਜਾਂਦੇ ਹਨ ਅਤੇ ਦਿਨ ਚੜ੍ਹੇ ਰਜਾਈਆਂ ਵਿਚੋਂ ਨਿਕਲਦੇ ਹਨ। ਇਹ ਰੁੱਤ ਉਨ੍ਹਾਂ ਲਈ ਬੜੀ ਭਾਰੂ ਹੁੰਦੀ ਹੈ ਜੋ ਇਕਲਾਪਾ ਹੰਢਾ ਰਹੇ ਹੋਣ। ਵਿਯੋਗਣ ਲਈ ਸਰਦੀਆਂ ਡਾਢੀਆਂ ਦੁਖਦਾਈ ਹੁੰਦੀਆਂ ਹਨ। ਸਾਂਝੇ ਪਰਿਵਾਰਾਂ ਵਿਚ ਕਈ ਵਾਰ ਹੋਰ ਵੀ ਔਖੇਰਾ ਹੋ ਜਾਂਦਾ ਹੈ, ਕਿਉਂਕਿ ਪਰਿਵਾਰ ਵਿਚ ਆਪੋ-ਆਪਣੇ ਜੁੱਟ ਹੁੰਦੇ ਹਨ- ਸੱਸ-ਸਹੁਰੇ ਦਾ, ਜੇਠ-ਜਠਾਣੀ ਦਾ, ਦਿਉਰ-ਦਰਾਣੀ ਦਾ, ਪਿਉ-ਪੁੱਤਰ ਦਾ, ਮਾਂਵਾਂ-ਧੀਆਂ ਦਾ। ਪੁਰਾਣੇ ਸਮਿਆਂ ਵਿਚ ਜਦੋਂ ਬਿਜਲੀ ਨਹੀਂ ਸੀ ਹੁੰਦੀ, ਸਿਆਲ ਦੀਆਂ ਰਾਤਾਂ ਹੋਰ ਵੀ ਡਰਾਉਣੀਆਂ ਹੋ ਜਾਂਦੀਆਂ ਸਨ। ਅੱਜ ਕੱਲ੍ਹ ਬਿਜਲੀ ਅਤੇ ਟੈਲੀਵਿਜ਼ਨ ਨੇ ਜ਼ਿੰਦਗੀ ਦੀ ਰਹਿਤਲ ਵੱਡੀ ਹੱਦ ਤੱਕ ਬਦਲ ਦਿੱਤੀ ਹੈ। ਮੋਬਾਈਲ ਅਤੇ ਇੰਟਰਨੈਟ ਨੇ ਵੀ ਵੱਡਾ ਇਨਕਲਾਬ ਲੈ ਆਂਦਾ ਹੈ। ਹੁਣ ਪਰਦੇਸਣਾਂ ਪਹਿਲਾਂ ਜਿੰਨਾ ਉਦਾਸ ਤੇ ਨਿਰਾਸ਼ ਨਹੀਂ ਹੁੰਦੀਆਂ।

ਪੰਜਾਬੀ ਸਾਹਿਤ ਵਿਚ ਬਾਰਹਮਾਹ ਰਚਨਾ ਵਿਚ ਮੱਘਰ ਮਹੀਨਾ ਦੁਖਦਾਈ ਵਿਛੋੜੇ ਦਾ ਮਹੀਨਾ ਹੈ। ਵਿਯੋਗਣ ਰੋਂਦੀ ਹੈ, ਤੜਫਦੀ ਹੈ, ਹਾੜ੍ਹੇ ਕੱਢਦੀ ਹੈ, ਮਰਨ ਨੂੰ ਫਿਰਦੀ ਹੈ :

**ਮਘਰਿ ਮੈਂ ਪਾਰਿ ਮਿਤ੍ਰ ਨਾਂ ਜਾਂਦਾ**
**ਰਾਖਸ਼ ਨੇਹੁ ਹੱਡਾਂ ਨੂੰ ਖਾਂਦਾ। (ਬੁੱਲੇ ਸ਼ਾਹ)**

-

**ਮੈਨੂੰ ਮੱਘਰ ਆਇ ਡਰਾਵੰਦਾ ਏ**
**ਬਾਝ ਸਾਈਂ ਥਰੇ ਥਰ ਕੰਬਨੀ ਹਾਂ। (ਸ਼ਾਹ ਮੁਰਾਦ)**

-

**ਮੱਘਰ ਕਰੇ ਬੜਾ ਤੰਗ, ਲਗਾ ਤਨ ਸੀਤ**
**ਕਿ ਫਰਿਆ ਅੰਗ, ਮੇਰਾ ਰੰਗ ਭਇਆ ਬਦਰੰਗ। (ਬਰਖੁਰਦਾਰ)**

-

**ਸੀਤ ਸੁਹਾਣੀ ਸਰਦ ਰੁੱਤ**
**ਮੱਘਰ ਮੋ ਗਰਿ ਨਾਹੀ ਕੰਤ। (ਕੇਸਰ ਸਿੰਘ)**

-

**ਮੱਘਰ ਚੜ੍ਹੇ ਜੋ ਸਰਦੀ ਹੋਈ**
**ਬੰਦੀ ਬ੍ਰਿਹੋਂ ਨੇ ਬੰਨ ਪਰੋਈ। (ਗੁਲਾਮ ਹੁਸੈਨ)**

-

**ਚੜ੍ਹੇ ਮਘਰ ਹੋਈ ਨਿਰਾਸ਼**
**ਟੁੱਟ ਗਈ ਆਸ**
**ਪ੍ਰੋਤਾ ਮਾਸ, ਸਮੇਂ ਦੇ ਤੀਰ ਨੇ। (ਫਜ਼ਲ ਸ਼ਾਹ)**

ਸੋ, ਲੰਮੀਆਂ ਰਾਤਾਂ ਅਤੇ ਠੰਢ ਦਾ ਵਰਤਾਰਾ ਵਿਯੋਗ ਦੇ ਦਰਦ ਨੂੰ ਜ਼ਿਆਦਾ ਪ੍ਰਚੰਡ ਕਰ ਦਿੰਦਾ ਹੈ। ਉਂਜ ਪਹਿਲੇ ਵੇਲਿਆਂ ਵਿਚ ਪੰਜਾਬਣਾਂ ਇਨ੍ਹਾਂ ਲੰਮੀਆਂ ਰਾਤਾਂ ਦਾ ਫਾਇਦਾ ਤ੍ਰਿੰਜਣ ਬਿਠਾ ਕੇ ਲੈ ਲੈਂਦੀਆਂ ਸਨ। ਹਿੰਮਤੀ ਔਰਤਾਂ ਤੇ ਜੁਆਨ ਕੁੜੀਆਂ ਟਾਈਮ ਨਾਲ ਹੀ ਕਿਸੇ ਖੁੱਲ੍ਹੇ ਘਰ ਵਿਚ ਚਰਖੇ ਡਾਹ ਲੈਂਦੀਆਂ ਤੇ ਜ਼ਿਦ ਨਾਲ ਕੱਤਦੀਆਂ। ਇਸ ਮਹੀਨੇ ਕਪਾਹ ਨਵੀਂ-ਨਵੀਂ ਆਈ ਹੁੰਦੀ ਸੀ। ਕੱਤਣ ਲਈ ਮੌਸਮ ਅਨੁਕੂਲ ਹੁੰਦਾ ਸੀ, ਕਿਉਂਕਿ ਸਿੱਲ ਦਾ ਮੌਸਮ ਲੰਘ ਚੁਕਾ ਹੁੰਦਾ ਹੈ।

ਸਰੋਜਨੀ ਨਾਇਡੂ ਨੇ ਕਿਤੇ ਲਿਖਿਆ ਸੀ, "ਸਦੀਆਂ ਤੋਂ ਕਵੀ ਚਰਖੇ ਤੇ ਖੱਡੀ ਦੀ ਉਪਮਾ ਦਿੰਦੇ ਆ ਰਹੇ ਹਨ। ਹੋਣੀ ਆਪਣੇ ਚਰਖੇ ਉਤੇ ਤੰਦਾਂ ਕੱਢ ਕੱਢ ਮਨੁੱਖ ਦੀ ਕਿਸਮਤ ਉਣ ਰਹੀ ਹੈ।" ਤਕਲੇ ਵਿਚੋਂ ਨਿਕਲ ਰਹੀ ਤੰਦ ਨਿਰੰਤਰ ਸਿਰਜਣਾ ਦੀ ਪ੍ਰਤੀਕ ਹੈ। ਸੂਫੀ ਕਵੀ ਸ਼ਾਹ ਹੁਸੈਨ ਜੁਆਨ ਕੁੜੀ ਦੇ ਕੱਤਣ ਦੀ ਉਪਮਾ ਨੂੰ ਅਧਿਆਤਮਕਤਾ ਨਾਲ ਜੋੜਦਿਆਂ ਵਕਤ ਸਿਰ ਆਪਣੇ ਫਰਜ਼ ਪੂਰੇ ਕਰਨ ਲਈ ਕਹਿੰਦਾ ਹੈ:

**ਕੁਝ ਕੱਤ ਕੁੜੇ, ਕੁਝ ਵੱਟ ਕੁੜੇ**
**ਛੱਲੀ ਲਾਹ ਭਰੋਟੇ ਅੱਟ ਕੁੜੇ।**
**ਜੇ ਪੂਣੀ ਪੂਣੀ ਕੱਤੇਂਗੀ**
**ਤਾਂ ਨੰਗੀ ਮੂਲ ਨ ਵੱਤੇਂਗੀ।**

ਪੰਜਾਬਣ ਮੁਟਿਆਰ ਲਈ ਚਰਖਾ ਉਦਯੋਗਿਕ ਇਕਾਈ ਰਿਹਾ ਹੈ, ਕਲਾ ਰਿਹਾ ਹੈ, ਸਭਿਅਤਾ ਦੀ ਤੋਰ ਰਿਹਾ ਹੈ ਅਤੇ ਸਭਿਆਚਾਰ ਦਾ ਚਲਦਾ ਚੱਕਰ ਰਿਹਾ ਹੈ। ਚਰਖੇ ਨਾਲ ਬਹੁਤ ਹਾਵ-ਭਾਵ ਜੁੜੇ-ਪੁੜੇ ਹਨ। ਚਰਖਾ ਚਲਾਉਣਾ ਅਤੇ ਉਸ ਵਿਚੋਂ ਬਾਰੀਕ ਤੰਦ ਕੱਢਣਾ ਅਤੇ ਨਾਲ ਹੀ ਗਲੋਟਾ ਬਣਾ ਕੇ ਉਸ ਨੂੰ ਉਤਾਰ ਲੈਣਾ, ਕਾਮਲ ਦੀ ਕਲਾ ਸੀ ਜੋ ਸਿਰਫ ਦੇਖਣ ਨਾਲ ਹੀ ਸਮਝ ਪੈ ਸਕਦੀ ਹੈ। ਇਹ ਕੇਵਲ ਸੁਚੱਜੀ ਦੇ ਹਿੱਸੇ ਆਈ ਕਲਾ ਹੈ, ਕੁਚੱਜੀ ਦੇ ਵੱਸ ਦੀ ਗੱਲ ਨਹੀਂ। ਪੰਜਾਬਣ ਨੂੰ ਮਾਣ ਹੁੰਦਾ ਸੀ ਆਪਣੀ ਕੱਤਣੀ 'ਤੇ, ਆਪਣੇ ਚਰਖੇ 'ਤੇ, ਆਪਣੀ ਕੱਢੀ ਲੰਮੀ ਬਾਰੀਕ ਤੰਦ 'ਤੇ। ਅੱਜ ਚਰਖਾ ਭਾਵੇਂ ਨੁਮਾਇਸ਼ ਦੀ ਚੀਜ਼ ਬਣ ਗਿਆ ਹੈ, ਪਰ ਇਹ ਸੱਚ-ਮੁੱਚ ਹੀ ਪੰਜਾਬ ਦੇ ਸਭਿਆਚਾਰ ਦਾ ਪ੍ਰਤੀਕ ਕਿਹਾ ਜਾ ਸਕਦਾ ਹੈ।

ਚਰਖਾ ਬਣਾਉਣ ਵਾਲਾ ਤਰਖਾਣ ਵੀ ਚਰਖਾ ਬਣਾਉਣ ਵਿਚ ਆਪਣੀ ਕਲਾ ਦਿਖਾਉਂਦਾ ਸੀ। ਚਰਖਾ ਦਾਜ ਵਿਚ ਬੜੇ ਉਚੇਚ ਨਾਲ ਦਿੱਤਾ ਜਾਂਦਾ ਸੀ ਜੋ ਅਕਸਰ ਕਈ ਰੰਗਾਂ-ਢੰਗਾਂ ਨਾਲ ਸ਼ਿੰਗਾਰਿਆ ਹੁੰਦਾ ਸੀ। ਦਾਜ ਦਾ ਚਰਖਾ ਕਈ ਸੰਵੇਦਨਾਵਾਂ ਦਾ ਆਧਾਰ ਹੁੰਦਾ ਸੀ:

ਮਾਂ ਮੇਰੀ ਨੇ ਚਰਖਾ ਭੇਜਿਆ
ਪੀੜ੍ਹੀ ਘੜਾ ਦੇ ਤੂੰ।
ਵੇ ਸਾਰੀ ਰਾਤ ਕਤਿਆ ਕਰੂੰ
ਕੱਤਿਆ ਕਰੂੰ ਤੇਰੀ ਰੂੰ।

ਤ੍ਰਿੰਜਣ ਭਾਵੇਂ ਮਿਹਨਤ ਵਾਲਾ ਕੰਮ ਹੋਣ ਕਰ ਕੇ ਜੁਆਨ ਕੁੜੀਆਂ ਹੀ ਬਿਠਾਉਂਦੀਆਂ, ਪਰ ਉਨ੍ਹਾਂ ਵਿਚ ਕੁਝ ਸਿਆਣੀ ਉਮਰ ਦੀਆਂ ਔਰਤਾਂ ਵੀ ਜ਼ਰੂਰ ਹੁੰਦੀਆਂ ਸਨ ਤਾਂ ਕਿ ਜੁਆਨੀ 'ਤੇ ਨਜ਼ਰ ਰੱਖੀ ਜਾ ਸਕੇ। ਕੱਤਣ ਦਾ ਅਸਲੀ ਮਜ਼ਾ ਤਾਂ ਪੇਕੇ ਪਿੰਡ ਹੀ ਹੁੰਦਾ ਹੈ, ਜਿਥੇ ਹਮ-ਉਮਰ ਕੁੜੀਆਂ ਖੂਬ ਹਾਸਾ ਠੱਠਾ ਕਰਦੀਆਂ ਹਨ। ਇਕ ਦੂਜੇ ਨੂੰ ਸੰਵਾਦ-ਚੂੰਢੀ ਵੀ ਵੱਢੀ ਜਾਂਦੀ ਹੈ ਤੇ ਸਰੀਰਕ ਵੀ। ਜਵਾਨੀ ਆਪਣੀ ਹੀ ਕਿਸਮ ਦੀ ਮਸਤੀ ਹੁੰਦੀ ਹੈ ਜੋ ਦਿਨ-ਰਾਤ ਚੜ੍ਹੀ ਰਹਿੰਦੀ ਹੈ। ਮੁਕਾਬਲੇ ਵਿਚ ਆ ਕੇ ਜਦ ਦਸ-ਪੰਦਰਾਂ ਚਰਖੇ ਇਕੱਠੇ ਚਲਦੇ ਤਾਂ ਸੱਚ-ਮੁੱਚ ਐਸੀ ਘੂਕਰ ਬੰਨ੍ਹਦੇ ਜੋ ਦਿਲਾਂ ਦੀਆਂ ਤਰਬਾਂ ਛੇੜ ਦਿੰਦੀ। ਸੁਡੌਲ ਡੌਲਿਆਂ ਨਾਲ ਸੱਜੇ ਹੱਥ ਨਾਲ ਹੱਥੀ ਘੁੰਮਾ-ਘੁੰਮਾ ਕੇ 'ਘੁੰਮ ਚਰਖੜਿਆ ਘੁੰਮ' ਦਾ ਜ਼ੋਰ ਦਿੰਦਿਆ, ਖੱਬੇ ਹੱਥ ਨਾਲ ਤਕਲੇ ਤੋਂ ਚੁੱਕਿਆ ਤੰਦ ਮੋਢੇ ਤੇ ਸਿਰ ਤੋਂ ਉਪਰ ਲਿਜਾ ਕੇ ਉਸੇ ਤੱਕਲੇ 'ਤੇ ਕਲਾਮਈ ਢੰਗ ਨਾਲ ਲਪੇਟ ਕੇ ਅਗਲਾ ਤੰਦ ਚੁੱਕਿਆ ਜਾਂਦਾ, ਨਾਲ ਹੀ ਕੋਈ ਘੋੜੀ/ਸੁਹਾਗ ਗੁਣਗੁਣਾਇਆ ਜਾਂਦਾ, ਤੇ ਉਸ ਵੇਲੇ ਕੱਤਣੀ ਫਰਾਟੇ ਮਾਰਨ ਲੱਗ ਪੈਂਦੀ। ਇਹ ਤ੍ਰਿੰਜਣ ਕਈ ਵੇਰ ਬਹੁਤ ਕੁਵੇਲੇ ਤੱਕ ਚੱਲਦਾ ਰਹਿੰਦਾ। ਅੱਧੀ-ਅੱਧੀ ਰਾਤ ਤੱਕ, ਸਰਘੀ ਵੇਲੇ ਤੱਕ। ਤ੍ਰਿੰਜਣ ਦਾ ਨਕਸ਼ਾ ਹੇਠ ਲਿਖੀ ਕਵਿਤਾ ਤੋਂ ਵਧੀਆ ਕੀ ਬੰਨ੍ਹਿਆ ਜਾ ਸਕਦਾ ਹੈ:

**ਤੇ ਫੇਰ ਮੇਰੇ ਘਰ ਜਦੋਂ**
**ਆਲੇ 'ਚ ਕਿਰਨਾਂ ਬਹਿੰਦੀਆਂ**
**ਕਿਰਨਾਂ ਜਿਹੀਆਂ ਕੁਝ ਨੱਢੀਆਂ**
**ਚੰਦਨ ਦੇ ਪੀੜ੍ਹੇ ਡਾਹੁੰਦੀਆਂ**
**ਤੇ ਚਰਖੀਆਂ ਦੀ ਘੂਕ 'ਤੇ**
**ਸੱਜਣਾਂ ਦਾ ਬ੍ਰਿਹਾ ਗਾਉਂਦੀਆਂ**
**ਕੁਝ ਯਾਦ ਕੱਤਣ ਆਉਂਦੀਆਂ**
**ਕੁਝ ਦਾਜ ਕੱਤਣ ਆਉਂਦੀਆਂ**
**ਤੇ ਬਹੁਤ ਡੂੰਘੀ ਰਾਤ ਤੱਕ**
**ਭੋਰੇ 'ਚ ਰਲ ਕੇ ਬਹਿੰਦੀਆਂ**
**ਤੇ ਫੇਰ ਭਰੀਆਂ ਖਿੱਤੀਆਂ**
**ਸਿਰੇ ਜਦੋਂ ਆ ਜਾਂਦੀਆਂ**
**ਮਾਹਲਾਂ ਤਦੋਂ ਭਰੜਾਂਦੀਆਂ,**
**ਹੱਥੀਆਂ ਨੂੰ ਨੀਂਦਾਂ ਆਉਂਦੀਆਂ**
**ਦੀਵੇ ਨੂੰ ਫੂਕਰ ਮਾਰ ਕੇ**
**ਸੱਜਣਾਂ ਦੇ ਸੁਪਨੇ ਲੈਂਦੀਆਂ**
**ਕੁਝ ਹੰਢੀਆਂ ਮਸ਼ਟੰਡੀਆਂ**
**ਭੋਰੇ 'ਚ ਭੂਤਰ ਜਾਂਦੀਆਂ।**

ਮੱਘਰ ਮਹੀਨਾ ਅੰਦਰੋਂ ਮਘਣ ਦਾ ਮਹੀਨਾ ਹੈ। ਇਸ ਮਹੀਨੇ ਗਰਮਾਇਸ਼ ਅਤੇ ਤਾਕਤ ਵਧਾਉਣ ਵਾਲੇ ਪਦਾਰਥ ਬਣਾਏ ਜਾਂਦੇ ਹਨ, ਜਿਵੇਂ ਖੋਆ, ਅਲਸੀ, ਮੇਥੇ ਆਦਿ। ਇਨ੍ਹਾਂ ਦਿਨਾਂ ਵਿਚ ਦੁੱਧ ਵਾਧੂ ਹੁੰਦਾ ਹੈ ਕਿਉਂਕਿ ਖੇਤਾਂ ਵਿਚ ਛਟਾਲਾ ਭਰਪੂਰ ਹੁੰਦਾ ਹੈ। ਉਧਰੋਂ ਘਰ ਦਾ ਗੁੜ, ਮੱਕੀ ਦੀਆਂ ਛੱਲੀਆਂ, ਮੂੰਗਫਲੀ ਵਗੈਰਾ। ਨੌਜੁਆਨ ਇਨ੍ਹਾਂ ਦਿਨਾਂ ਵਿਚ ਵਧੀਆ ਖੁਰਾਕਾਂ ਖਾਂਦੇ ਹਨ ਅਤੇ ਸ਼ਾਮ ਨੂੰ ਵਿਹਲੇ ਪਏ ਖੇਤਾਂ ਵਿਚ ਖੇਡ ਵੀ ਲੈਂਦੇ ਹਨ। ਇਸ ਮਹੀਨੇ ਖੇਤਾਂ ਵਿਚ ਕੰਮ ਕਾਰ ਘਟ ਜਾਂਦਾ ਹੈ। ਪੰਜਾਬ ਦੇ ਪਿੰਡਾਂ ਵਿਚ ਇਹ ਦਿਨ ਸੁਖ ਲੈਣ ਦੇ ਦਿਨ ਕਹੇ ਜਾ ਸਕਦੇ ਹਨ। ਫਸਲ ਬੀਜੀ ਜਾ ਚੁਕੀ ਹੁੰਦੀ ਹੈ, ਮੁੱਖ ਕੰਮ ਪਸ਼ੂਆਂ ਨੂੰ ਸਾਂਭਣ ਦਾ ਹੀ ਹੁੰਦਾ ਹੈ। ਉਨ੍ਹਾਂ ਨੂੰ ਅੰਦਰ-ਬਾਹਰ ਕਰਨਾ, ਪੱਠੇ ਪਾਉਣੇ, ਧਾਰਾਂ ਕੱਢਣੀਆਂ ਆਦਿ ਹੀ ਮੁੱਖ ਆਹਰ ਹੁੰਦਾ ਹੈ।

ਸ਼ਹਿਰਾਂ ਵਿਚ ਮਾਲ-ਰੋਡਾਂ 'ਤੇ ਜਾਂ ਰੈਸਟੋਰੈਂਟਾਂ ਵਿਚ ਖਾਣ-ਪੀਣ ਦੀਆਂ ਵਸਤੂਆਂ ਵੀ ਸਰਦੀ ਦੇ ਮੌਸਮ ਦੇ ਅਨੁਕੂਲ ਮਿਲਣ ਲੱਗਦੀਆਂ ਹਨ। ਠੰਢੀ ਰਸ-ਮਲਾਈ, ਕੋਲਡ ਡਰਿੰਕ, ਆਈਸ ਕ੍ਰੀਮ, ਬੀਅਰ ਆਦਿ ਦੀ ਥਾਂ ਨਾਨ-ਵੈਜ ਆਈਟਮਾਂ ਦਾ ਜ਼ੋਰ ਵਧਣ ਲੱਗਦਾ ਹੈ। ਰੇੜ੍ਹੀਆਂ 'ਤੇ ਉਬਲੇ ਆਂਡੇ, ਮੱਛੀ, ਮੁਰਗਾ ਆਦਿ ਮਿਲਣ ਲੱਗਦੇ ਹਨ। ਚਾਹ-ਕਾਫੀ ਦੀ ਮੰਗ ਵਧਣ ਲਗਦੀ ਹੈ। ਬਰਗਰ, ਟਿੱਕੀ, ਹਾਟ-ਡਾਗ ਵੱਧ ਵਿਕਣ ਲੱਗਦੇ ਹਨ। ਸ਼ਰਾਬ ਦੀ ਵਿਕਰੀ ਵਧ ਜਾਂਦੀ ਹੈ।

ਪੰਜਾਬੀ ਸਾਹਿਤ ਵਿਚ ਇਸ਼ਕ ਹਕੀਕੀ ਅਤੇ ਇਸ਼ਕ ਮਜ਼ਾਜੀ ਦਾ ਸੰਕਲਪ ਕਾਫੀ ਭਾਰੂ ਰਿਹਾ ਹੈ। ਸਮਝਿਆ ਜਾਂਦਾ ਹੈ ਕਿ ਉਸ ਪਰਮਾਤਮਾ ਤੱਕ ਪਹੁੰਚਣ ਲਈ ਪਿਆਰ ਦਾ ਸਬਕ ਜ਼ਰੂਰੀ ਹੈ, ਜੋ ਉਸ ਪਰਮਾਤਮਾ ਦੀ ਰਈਅਤ ਨਾਲ ਪਿਆਰ ਕਰ ਕੇ ਸਿੱਖਿਆ ਜਾ ਸਕਦਾ ਹੈ। ਗੁਰਮਤਿ ਵਿਚਾਰਧਾਰਾ ਅਨੁਸਾਰ ਰੂਹਾਨੀ ਮੰਜ਼ਿਲ ਹੀ ਮਨੁੱਖ ਦਾ ਮਕਸਦ ਹੈ। ਗੁਰੂ ਅਰਜਨ ਦੇਵ ਇਸ ਮਹੀਨੇ ਦੇ ਪ੍ਰਥਾਇ ਲਿਖਦਿਆਂ ਮੱਘਰ ਮਹੀਨੇ ਦੇ ਸੁਭਾਅ ਤੋਂ ਭਲੀ ਭਾਂਤ ਜਾਣੂੰ ਹੁੰਦਿਆਂ ਲਿਖਦੇ ਹਨ:

**ਮੱਘਰ ਮਾਹਿ ਸੋਹੰਦੀਆਂ**
**ਹਰਿ ਪਿਰ ਸੰਗਿ ਬੈਠੜੀਆਹ॥**
**ਤਿਨ ਕੀ ਸੋਭਾ ਕਿਆ ਗਣੀ**
**ਜਿ ਸਾਹਿਬਿ ਮੇਲੜੀਆਹ॥**
**ਤਨੁ ਮਨੁ ਮਉਲਿਆ ਰਾਮ ਸਿਉ**
**ਸੰਗ ਸਾਧ ਸਹੇਲੜੀਆਹ॥**
**ਸਾਧ ਜਨਾ ਤੇ ਬਾਹਰੀ**
**ਸੇ ਰਹਨਿ ਇਕੇਲੜੀਆਹ॥**

ਇਸ ਵਿਚ ਕੋਈ ਸ਼ੱਕ ਨਹੀਂ ਕਿ ਮੱਘਰ ਹੈ ਤਾਂ ਮਿਲਾਪ ਦਾ ਮਹੀਨਾ ਪਰ ਮਹਾਂ-ਮਿਲਾਪ ਦੇ ਮਾਰਗ 'ਤੇ ਚੱਲਦਿਆਂ ਜ਼ਰੂਰੀ ਹੈ ਕਿ ਆਪਣੀ ਸ਼ਖਸੀਅਤ ਵਿਚ ਵਿਸ਼ੇਸ਼ ਗੁਣ ਵਿਦਮਾਨ ਕੀਤੇ ਜਾਣ। ਗੁਰੂ ਨਾਨਕ ਦੇਵ ਇਸ ਗੱਲ 'ਤੇ ਜ਼ੋਰ ਦਿੰਦੇ ਹਨ:

**ਮੱਘਰ ਮਾਹ ਭਲਾ**
**ਹਰਿ ਗੁਣ ਅੰਕਿ ਸਮਾਵਏ॥**
**ਗੁਣਵੰਤੀ ਗੁਣ ਰਵੈ**
**ਮੈ ਪਿਰ ਨਿਹਚਲ ਭਾਵਏ॥**
**ਨਿਹਚਲ ਚਤੁਰੁ ਸੁਜਾਣ ਬਿਧਾਤਾ**
**ਚੰਚਲ ਜਗਤ ਸਬਾਇਆ॥**
**ਗਿਆਨ ਧਿਆਨ ਗੁਣ ਅੰਕਿ ਸਮਾਣੇ**
**ਪ੍ਰਭ ਭਾਣੇ ਤਾ ਭਾਇਆ॥**
**ਗੀਤ ਨਾਦ ਕਵਿਤ ਕਵੇ ਸੁਣਿ**
**ਰਾਮ ਨਾਮ ਦੁਖੁ ਭਾਗੈ॥**
**ਨਾਨਕ ਸਾ ਧਨ ਨਾਹ ਪਿਆਰੀ**
**ਅਭ ਭਗਤੀ ਪਿਰ ਆਗੈ॥**

ਗੁਰੂ ਜੀ ਵੱਲੋਂ ਲਿਖਿਆ ਇਹ ਇਕੱਲਾ ਮਹੀਨਾ ਹੈ ਜਿਸ ਵਿਚ ਆਲੇ-ਦੁਆਲੇ ਦਾ ਚਿਤਰਨ ਨਹੀਂ ਹੈ। ਸਮਾਜਕ ਅਤੇ ਦੁਨਿਆਵੀ ਵਰਤਾਰੇ ਦਾ ਵਰਣਨ ਵੀ ਘੱਟ ਹੈ। ਉਨ੍ਹਾਂ ਬੱਸ ਮਨੁੱਖ ਨੂੰ ਉਪਦੇਸ਼ ਦਿੱਤਾ ਹੈ ਅਤੇ ਕੁਦਰਤ ਦੀ ਥਾਂ ਕਾਦਰ ਦਾ ਵਿਖਿਆਨ ਹੈ। ਇਸ ਦਾ ਕਾਰਨ ਕੁਝ ਵੀ ਹੋਵੇ, ਪਰ ਦੋਹਾਂ ਹੀ ਰਚਨਾਵਾਂ ਤੋਂ ਜਾਹਰ ਹੈ ਕਿ ਪੰਜਾਬ ਵਿਚ ਗਰਮੀ ਦੇ ਮਹੀਨੇ ਦੂਰ-ਦੂਰ ਰਹਿਣ ਦੇ ਮਹੀਨੇ ਹਨ ਜਦਕਿ ਮੱਘਰ ਦਾ ਮਹੀਨਾ ਘੱਟ ਸਰਦੀ ਦਾ ਮਹੀਨਾ ਹੋਣ ਕਰ ਕੇ ਮਿਲਾਪ ਦੇ ਜ਼ਿਆਦਾ ਅਨੁਕੂਲ ਹੈ। ਪੋਹ-ਮਾਘ ਵਿਚ ਸਰਦੀ ਕਾਫੀ ਹੋ ਜਾਂਦੀ ਹੈ ਅਤੇ ਬਹੁਤ ਸਰਦੀ ਦੇ ਦਿਨ ਵੀ ਸਹਿਜ ਜੀਵਨ ਨੂੰ ਉਲਟ ਪ੍ਰਭਾਵਤ ਕਰਦੇ ਹਨ। ਉਨ੍ਹਾਂ ਦਿਨਾਂ ਵਿਚ ਧੁੰਦ ਅਤੇ ਕੋਰਾ ਜੀਵਨ ਵਿਚ ਸਥਿਰਤਾ ਲੈ ਆਉਂਦੇ ਹਨ। ਮੱਘਰ ਇਸੇ ਕਰ ਕੇ ਹੀ ਵਧੀਆ ਮਹੀਨਾ ਹੈ ਕਿਉਂਕਿ ਇਸ ਮਹੀਨੇ ਵਿਚ ਅੰਗ-ਸੰਗ ਬੈਠਣਾ ਚੰਗਾ ਲੱਗਦਾ ਹੈ। ਧਾਰਮਿਕ ਪੱਖੋਂ ਭਗਤੀ, ਸਮਾਧੀ, ਚਿੰਤਨ, ਜੋਗ ਆਦਿ ਲਈ ਵੀ ਇਹ ਮੌਸਮ ਬੇਹਦ ਅਨੁਕੂਲ ਹੁੰਦਾ ਹੈ। ••

## ਕਰਤਾਰ ਸਿੰਘ ਸਰਾਭੇ ਦੀ ਸ਼ਹਾਦਤ ’ਤੇ ਵਿਸ਼ੇਸ਼

# ਨਿੱਕੀ ਉਮਰੇ ਗ਼ਦਰ ਲਹਿਰ ਦਾ ਮਹਾਂਨਾਇਕ ਹੋ ਨਿੱਬੜਿਆ ਕਰਤਾਰ ਸਿੰਘ ਸਰਾਭਾ

ਹੱਥਾਂ ਨੂੰ ‘ਕਿਰਤ’ ’ਤੇ ਪੈਰਾਂ ਨੂੰ ‘ਉਦਾਸੀਆਂ’ ਦਾ ਅਸ਼ੀਰਵਾਦ ਲੈਕੇ ਘਰਾਂ ਤੋਂ ਤੁਰਨਾ ਪੰਜਾਬੀਆਂ ਦੇ ਹਿੱਸੇ ਮੁੱਢ ਤੋਂ ਹੀ ਰਿਹਾ ਹੈ। ਸਮਾਂ ਕੋਈ ਵੀ ਹੋਵੇ, ਹਾਲਤਾਂ ਮੁਤਾਬਕ ਕਾਰਨ ਜੋ ਵੀ ਹੋਣ ਪਰ ਪੰਜਾਬੀਆਂ ਨੇ ਹਮੇਸ਼ਾ ਆਪਣਾ ਸਫ਼ਰ ਅਣਖਾਂ ਦੇ ਸਾਫੇ ਬੰਨ੍ਹ ਕੇ ਚੜ੍ਹਦੀ ਕਲਾ ਨਾਲ਼ ਹੀ ਤੈਅ ਕੀਤਾ ਹੈ। ਅੱਜ ਅਸੀਂ ਇੱਥੇ ਇੱਕ ਅਜਿਹੇ ਹੀ ਘੁੱਮਕੜ ਬਿਰਤੀ ਦੇ ਮਾਲਕ ‘ਤੂਫ਼ਾਨਾਂ ਦੇ ਸ਼ਾਹ ਅਸਵਾਰ’ ਦੀ ਗੱਲ ਬੜੇ ਮਾਣ ਨਾਲ਼ ਸਾਂਝੀ ਕਰਾਂਗੇ। ਜਿਸ ਨੂੰ ਉਹਦੇ ਜਮਾਤੀ ਕਦੇ ‘ਉੱਡਣਾ ਸੱਪ’ ਵੀ ਕਿਹਾ ਕਰਦੇ ਸਨ। ਇਹੋ ‘ਉੱਡਣਾ ਸੱਪ’ ਭਾਰਤ ਵਿੱਚ ਸਭ ਤੋਂ ਨਿੱਕੀ ਉਮਰੇ ਜਹਾਜ ਚਲਾਉਣ ਦਾ ਮਾਣ ਖੱਟਕੇ ਅੱਗੇ ਜਾਕੇ ‘ਬਾਲ ਜਰਨੈਲ’ ਹੋਣ ਦਾ ਰੁਤਬਾ ਪਾਉਂਦਾ ਹੈ।



ਇਸ ਬਾਲ ਜਰਨੈਲ ਦਾ ਜਨਮ 24 ਮਈ 1896 ਨੂੰ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਸਰਾਭਾ ਵਿਖੇ ਪਿਤਾ ਸ. ਮੰਗਲ ਸਿੰਘ ਦੇ ਘਰ ਮਾਤਾ ਸਾਹਿਬ ਕੌਰ ਦੀ ਕੁੱਖੋਂ ਹੋਇਆ ਸੀ। ਪਿੰਡ ਸਰਾਭਾ ਦਾ ਨਾਂ ਪੜ੍ਹਦਿਆਂ ਸਰਦਾਰ ਕਰਤਾਰ ਸਿੰਘ ਦਾ ਨਾਂ ਤੁਹਾਡੇ ਦਿਮਾਗ. ਵਿੱਚ ਆਪਣੇ ਆਪ ਜ਼ਰੂਰ ਆ ਗਿਆ ਹੋਵੇਗਾ। ਅੱਜ ਅਸੀਂ ਉਹੀ ਸ.ਕਰਤਾਰ ਸਿੰਘ ਸਰਾਭਾ ਬਾਰੇ ਗੱਲ ਕਰਾਂਗੇ ਜੋ ਬਾਅਦ ਵਿੱਚ ਗ਼ਦਰ ਲਹਿਰ ਦਾ ਨਿੱਕੀ ਉਮਰੇ ਇੱਕ ਮਹਾਂਨਾਇਕ ਹੋ ਨਿੱਬੜਿਆ। ‘ਸਰਾਭੇ’ ਦਾ ਪਰਿਵਾਰ ਆਪਣੇ ਜ਼ਮਾਨੇ ਵਿੱਚ ਪੜ੍ਹਿਆ-ਲਿਖਿਆ ਅਤੇ ਖਾਂਦਾ-ਪੀਂਦਾ ਸਰਦਾ ਪੁੱਜਦਾ ਪਰਿਵਾਰ ਸੀ। ਕਰਤਾਰ ਸਿੰਘ ਦੇ ਤਿੰਨ ਚਾਚੇ ਸ.ਬਿਸ਼ਨ ਸਿੰਘ, ਡਾ.ਵੀਰ ਸਿੰਘ ਤੇ ਬਖਸ਼ੀਸ਼ ਸਿੰਘ ਚੰਗੀਆਂ ਨੌਕਰੀਆਂ ਉੱਤੇ ਉਦੋਂ ਲੱਗੇ ਹੋਏ ਸਨ। ਬਖਸ਼ੀਸ਼ ਸਿੰਘ ਉੜੀਸਾ ਵਿੱਚ ਜੰਗਲਾਤ ਮਹਿਕਮੇ ਵਿਚ ਸੀ ਤੇ ਇੱਕ ਚਾਚਾ ਯੂ.ਪੀ. ਵਿਚ ਸਬ ਇੰਸਪੈਕਟਰ ਸੀ। ਸਰਾਭੇ ਦੇ ਬਾਪ ਸ. ਮੰਗਲ ਸਿੰਘ ਦੀ ਸਰਾਭੇ ਦੇ ਬਚਪਨ ਵਿੱਚ ਹੀ ਮੌਤ ਹੋ ਗਈ ਸੀ। ਜਿਸ ਕਰਕੇ ਬਾਅਦ ਵਿੱਚ ਸਰਾਭੇ ਦੇ ਪਾਲਣ-ਪੋਸ਼ਣ ਦੀ ਜ਼ਿੰਮੇਵਾਰੀ ਦਾਦਾ ਸਰਦਾਰ ਬਚਨ ਸਿੰਘ ਨੇ ਨਿਭਾਈ। ਸ.ਕਰਤਾਰ ਸਿੰਘ ਸਰਾਭੇ ਦੀ ਭੈਣ ਦਾ ਨਾਂ ਧੰਨ ਕੌਰ ਸੀ।

ਪਰਿਵਾਰ ਵੱਲੋਂ ਅੱਠ ਕੁ ਸਾਲ ਦੀ ਉਮਰੇ ਕਰਤਾਰ ਸਿੰਘ ਨੂੰ ਪਿੰਡ ਦੇ ਹੀ ਪ੍ਰਾਇਮਰੀ ਸਕੂਲ ਵਿਚ ਪੜ੍ਹਨ ਪਾਇਆ ਗਿਆ। ਚਾਰ ਜਮਾਤਾਂ ਉਸ ਨੇ ਇੱਥੇ ਹੀ ਪਾਸ ਕੀਤੀਆਂ। ਅੱਗੇ ਪੰਜਵੀਂ ਦੀ ਪੜ੍ਹਾਈ ਵਰਨੈਕੁਲਰ ਸਕੂਲ ਗੁੱਜਰਵਾਲ ਵਿੱਚ ਕੀਤੀ। ਪੰਜਵੀਂ ਵਿਚ ਕਰਤਾਰ ਸਿੰਘ ਦਾ ਜਮਾਤੀ ਬਾਬਾ ਹਰਭਜਨ ਸਿੰਘ ਦੀ ਚਮਿੰਡਾ ਬਣਿਆ ਜੋ ਪਿੱਛੋਂ ਜਾ ਕੇ ਉਨ੍ਹਾਂ ਨਾਲ ਹੀ ਗ਼ਦਰ ਪਾਰਟੀ ਵਿਚ ਸ਼ਾਮਿਲ ਹੋਇਆ। ਕਰਤਾਰ ਸਿੰਘ ਨੇ ਗੁੱਜਰਵਾਲ ਤੋਂ ਵਰਨੈਕੁਲਰ ਅੱਠਵੀਂ ਪਾਸ ਕਰ ਲਈ ਤਾਂ ਪਰਿਵਾਰ ਵੱਲੋਂ ਉਸ ਨੂੰ ਅਗਲੀ ਪੜ੍ਹਾਈ ਲਈ ਲੁਧਿਆਣਾ ਦੇ ਮਾਲਵਾ ਖਾਲਸਾ ਹਾਈ ਸਕੂਲ ਵਿਚ ਦਾਖਲ ਕਰਵਾਇਆ ਗਿਆ।

1910-1911 ਦੌਰਾਨ ਕਰਤਾਰ ਸਿੰਘ ਆਪਣੇ ਚਾਚੇ ਬਖਸੀਸ ਸਿੰਘ ਕੋਲ਼ ਚਲਿਆ ਗਿਆ,ਜਿੱਥੇ ਉਸਨੇ ਦਸਵੀਂ ਪਾਸ ਕੀਤੀ।

ਸ.ਕਰਤਾਰ ਸਿੰਘ ਜਨਵਰੀ 1912 ਵਿਚ ਅਮਰੀਕਾ ਦੀ ਕੈਲੀਫੋਰਨੀਆ ਸਟੇਟ ਵਿਚ ਪਹੁੰਚਿਆ ਅਤੇ ਬਰਕਲੇ ਯੂਨੀਵਰਸਿਟੀ ਦੇ ਕੈਮਿਸਟਰੀ ਵਿਭਾਗ ਵਿਚ ਦਾਖਲਾ ਲੈਣ ਦੀ ਕੋਸ਼ਸ ਕੀਤੀ। ਉਸ ਵਕਤ ਪੰਜਾਬ ਤੋਂ ਪਹੁੰਚਣ ਵਾਲੇ ਸਿੱਖ ਕੈਲੀਫੋਰਨੀਆ ਹੀ ਪਹੁੰਚਦੇ ਸਨ। ਕਿਉਂਕਿ ਉਥੇ ਸਿੱਖ ਵੱਡੀ ਗਿਣਤੀ ਵਿਚ ਰਹਿੰਦੇ ਸਨ। ਜੋ ਖੇਤੀ ਫਾਰਮਾਂ ਵਿਚ ਕੰਮ ਕਰਦੇ ਸਨ।

ਅਮਰੀਕਾ ਰਹਿੰਦੇ ਹੋਏ ਇੱਕ ਦਿਨ ਸਰਾਭੇ ਨੇ ਇੱਕ ਅਮਰੀਕਨ ਔਰਤ ਨੂੰ ਦੇਸ਼ ਭਗਤਾਂ ਨੂੰ ਪ੍ਰਣਾਮ ਕਰਦੇ ਦੇਖਕੇ ਇਸ ਬਾਰੇ ਜਾਣਨ ਦੀ ਕੋਸ਼ਸ਼ ਕੀਤੀ। ਜਦ ਉਸ ਔਰਤ ਨੇ ਦੱਸਿਆ ਕਿ “ਇਸ ਦਿਨ ਸਾਡਾ ਅਮਰੀਕਾ, ਗੁਲਾਮੀ ਤੋਂ ਆਜ਼ਾਦ ਹੋਇਆ ਸੀ। ਅਸੀਂ ਆਜ਼ਾਦੀ ਪਰਵਾਨਿਆਂ ਨੂੰ ਕਦੀ ਵੀ ਭੁਲਾ ਨਹੀਂ ਸਕਦੇ।” ਇਹ ਸੁਣ ਕੇ ਉਸ ਦੇ ਦਿਮਾਗ. ਵਿੱਚ ਖਲਬਲੀ ਮੱਚ ਗਈ। ਉਸ ਨੇ ਸੋਚਿਆ ਕਿ ਅਸੀਂ ਇੱਥੇ ਪੜ੍ਹਨ ਤੇ ਡਾਲਰ ਕਮਾਉਣ ਲਈ ਆ ਗਏ ਹਾਂ। ਸਾਡਾ ਦੇਸ਼ ਗੁਲਾਮ ਹੈ। ਸਾਨੂੰ ਇੱਥੇ ‘ਕਾਲੇ’, ‘ਕੁਲੀ’, ‘ਡੈਮ’ ਤੇ ‘ਡਰਟੀ’ ਕਿਹਾ ਜਾਂਦਾ ਹੈ। ਸਾਡੇ ਆਪਣੇ ਦੇਸ਼ ਦੇ ਲੋਕ ਗਰੀਬੀ, ਭੁੱਖ-ਨੰਗ ਅਤੇ ਹਕੂਮਤ ਦੇ ਜ਼ੁਲਮ ਦਾ ਸ਼ਿਕਾਰ ਹਨ। ਇਹ ਸੋਚ ਕੇ ਉਸਦੇ ਦਿਲ ਵਿੱਚ ਅੰਗਰੇਜ਼ੀ ਰਾਜ ਵਿਰੁੱਧ ਗੁੱਸਾ ਹੋਰ ਉਬਾਲੇ ਖਾਣ ਲੱਗਾ। ਹੌਲ਼ੀ-ਹੌਲ਼ੀ ਸਮੇਂ-ਸਮੇਂ ਕਰਤਾਰ ਸਿੰਘ ਸਰਾਭਾ ਦੀ ਮੁਲਾਕਾਤ ਸਰਾਭੇ ਪਿੰਡ ਦੇ ਹੀ ਰੁਲੀਆ ਸਿੰਘ ਰਾਹੀਂ ਪਰਮਾਨੰਦ, ਲਾਲਾ ਹਰਦਿਆਲ, ਪੰਡਤ ਜਗਤ ਰਾਮ ਰਿਹਾਨਾ, ਭਾਈ ਜਵਾਲਾ ਸਿੰਘ ਅਤੇ ਹੋਰ ਭਾਰਤੀ ਕਾਮਿਆਂ ਨਾਲ ਹੋਈ। ਇਹਨਾਂ ਨੇ ਸਭ ਨੇ ਭਾਰਤ ਦੀ ਲੰਬੀ ਗੁਲਾਮੀ ਦੇ ਕਾਰਨਾਂ ਉੱਪਰ ਵਿਚਾਰ ਕਰਕੇ ਇਹੋ ਸਿੱਟਾ ਕੱਢਿਆ ਕਿ ਆਜ਼ਾਦੀ ਦੀ ਲੜਾਈ ਲਈ ਇੱਕ ਮਜ਼ਬੂਤ ਜਥੇਬੰਦੀ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਅਮਰੀਕਾ ਵਿੱਚ ਵੱਸਦੇ ਹਿੰਦੁਸਤਾਨੀਆਂ ਨੇ ਜਦ 1913 ਈ. ਵਿੱਚ ਗ.ਦਰ ਨਾਂਅ ਦੀ ਇੱਕ ਪਾਰਟੀ ਬਣਾਈ,ਜਿਸ ਦੇ ਪ੍ਰਧਾਨ ਪ੍ਰਸਿੱਧ ਦੇਸ਼ ਭਗਤ ਸੋਹਣ ਸਿੰਘ ਭਕਨਾ ਅਤੇ ਸਕੱਤਰ ਲਾਲਾ ਹਰਦਿਆਲ ਸਨ। ਇਸ ਸਮੇਂ ਦੌਰਾਨ ਕਰਤਾਰ ਸਿੰਘ ਸਰਾਭਾ ਸੋਹਣ ਸਿੰਘ ਭਕਨਾ ਨੂੰ ਮਿਲ਼ਿਆ।

ਜਦੋਂ ਗ਼ਦਰ ਪਾਰਟੀ ਦੀਆਂ ਸਰਗਰਮੀਆਂ ਸ਼ੁਰੂ ਹੋਈਆਂ ਤਾਂ ਸਰਦਾਰ ਕਰਤਾਰ ਸਿੰਘ ਸਰਾਭੇ ਨੇ ਉਦੋਂ ਹੀ ਆਪਣਾ ਜੀਵਨ ਪਾਰਟੀ ਨੂੰ ਹੀ ਸਮਰਪਿਤ ਕਰਨ ਦਾ ਫੈਸਲਾ ਕਰ ਲਿਆ ਸੀ। ਜਿਸਦਾ ਸਰਾਭੇ ਦੇ ਮਨ ਵਿੱਚ ਇੱਕੋ-ਇੱਕ ਮਕਸਦ ਸੀ ਆਪਣੇ ਵਤਨ ਦੇ ਲੋਕਾਂ ਨੂੰ ਆਜ਼ਾਦ ਕਰਵਾਉਣਾ। ਜਦ ਨਵੰਬਰ 1913 ਤੋਂ ‘ਗ਼ਦਰ’ ਦਾ ਪਹਿਲਾ ਪਰਚਾ ਨਿਕਲਿਆ ਤਾਂ ਸਰਦਾਰ ਕਰਤਾਰ ਸਿੰਘ ਸਰਾਭਾ ਪਰਚੇ ਦੇ ਬਾਨੀਆਂ ਵਿੱਚ ਸ਼ਾਮਿਲ ਸੀ। ਜਦ ਦਸੰਬਰ 1913 ਵਿਚ ਗੁਰਮੁਖੀ ‘ਗ਼ਦਰ’ ਸ਼ੁਰੂ ਹੋਇਆ ਤਾਂ ਸਰਾਭੇ ਉਪਰ ਹੀ ਪਰਚੇ ਦੀ ਮੁੱਖ ਜਿੰਮੇਵਾਰੀ ਸੀ। ਲਾਲਾ ਹਰਦਿਆਲ ਦੀਆਂ ਉਰਦੂ ਲਿਖਤਾਂ ਨੂੰ ਗੁਰਮੁਖੀ ਵਿਚ ਕਰਤਾਰ ਸਿੰਘ ਹੀ ਕਰਦਾ ਸੀ। ਸ.ਕਰਤਾਰ ਸਿੰਘ ਸਰਾਭੇ ਦਾ ਕੰਮ ਤੇ ਕੌਮ ਪ੍ਰਤਿ ਸਮਰਪਣ ਪੂਰਨ ਤੌਰ ਤੇ ਆਖਰੀ ਸਾਹਾਂ ਤੱਕ ਸਿੱਖੀ ਸਿਧਾਂਤਾਂ ਤੋਂ ਪ੍ਰੇਰਿਤ ਰਿਹਾ।। ਇਸ ਦੀ ਸਭ ਤੋਂ ਵੱਡੀ ਗਵਾਹੀ ਗੁਰਮੁਖੀ ‘ਗ਼ਦਰ’ ਅਖਬਾਰ ਹੀ ਭਰਦਾ ਹੈ।ਜਿਸ ’ਤੇ ਸਰਾਭੇ ਨੇ ਗੁਰਬਾਣੀ ਦੇ ਇਹ ਸ਼ਬਦ ਟੈਗ ਲਾਈਨ ਵਜੋਂ ਲਿਖੇ ਹੋਏ ਸਨ “ਜਉ ਤਉ ਪ੍ਰੇਮ ਖੇਲਣ ਕਾ ਚਾਉ ॥ਸਿਰੁ ਧਰਿ ਤਲੀ ਗਲੀ ਮੇਰੀ ਆਉ ॥” ਜਦ ਕਿ ਉਰਦੂ ਪਰਚੇ ਉਪਰ ਟੈਗ ਲਾਈਨ ‘ਅੰਗ੍ਰੇਜ਼ੀ ਰਾਜ ਕਾ ਦੁਸ਼ਮਨ’ ਲਿਖੀ ਹੋਈ ਸੀ।

ਅਗਸਤ 1914 ਵਿੱਚ ਪਹਿਲਾ ਵਿਸਵ ਯੁੱਧ ਲੱਗ ਜਾਣ ਦੇ ਮੱਦੇ ਨਜ਼ਰ ਗ਼ਦਰ ਪਾਰਟੀ ਨੇ ਭਾਰਤ ਚੱਲ ਕੇ ਇਨਕਲਾਬ ਕਰਨ ਦਾ ਫੈਸਲਾ ਕਰ ਲਿਆ ਸੀ ਤਾਂ ਸ.ਕਰਤਾਰ ਸਿੰਘ ਸਰਾਭਾ ਪੰਜਾਬ ਪਹੁੰਚਣ ਵਾਲੇ ਗ਼ਦਰੀਆਂ ਵਿੱਚ ਸ਼ਾਮਿਲ ਸਨ। ਅੰਗਰੇਜ਼ ਸਰਕਾਰ ਨੇ ਕਲਕੱਤੇ ਦੀਆਂ ਬੰਦਰਗਾਹਾਂ ’ਤੇ ਪਹਿਲਾਂ ਹੀ ਨਾਕੇ ਲਗਾਏ ਹੋਏ ਸੀ ਤੇ ਉਸ ਸਮੇਂ ਗ਼ਦਰ ਲਹਿਰ ਦੀ ਚੋਟੀ ਦੀ ਲੀਡਰਸ਼ਿਪ ਭਾਈ ਸੋਹਣ ਸਿੰਘ ਭਕਨਾ, ਬਾਬਾ ਜਵਾਲਾ ਸਿੰਘ , ਬਾਬਾ ਕੇਸਰ ਸਿੰਘ ਠੱਠਗੜ੍ਹ, ਬਾਬਾ ਸ਼ੇਰ ਸਿੰਘ ਆਦਿ ਨੂੰ ਗ੍ਰਿਫਤਾਰ ਕਰ ਕਰ ਲਿਆ ਸੀ। ਪਰ ਉਦੋਂ ਕਰਤਾਰ ਸਿੰਘ ਸਰਾਭਾ ਆਪਣੀ ਫੁਰਤੀ ਨਾਲ਼ ਹੋਰ ਰਸਤੇ ਭਾਰਤ ਵਿੱਚ ਦਾਖਲ ਹੋ ਗਿਆ। ਚੋਟੀ ਦੀ ਲੀਡਰਸ਼ਿਪ ਦੀ ਗ੍ਰਿਫਤਾਰੀ ਤੋਂ ਬਾਅਦ ਸਰਾਭੇ ਦੀ ਮਿਹਨਤ ਤੇ ਜਨੂੰਨ ਨੇ ਹੀ ਇਸ ਲਹਿਰ ਨੂੰ ਸਿਖ਼ਰ ’ਤੇ ਪਹੁੰਚਾਇਆ।

ਉਸ ਨੇ ਇੱਕ ਪਾਸੇ ਮਾਲਵਾ ਖਾਲਸਾ ਹਾਈ ਸਕੂਲ ਦੇ ਵਿਦਿਆਰਥੀਆਂ ਨੂੰ ਤਿਆਰ ਕੀਤਾ, ਦੂਜੇ ਪਾਸੇ ਰਕਾਬ ਗੰਜ ਐਜੀਟੇਸ਼ਨ ਨਾਲ ਜੁੜੇ ਹੋਏ ਭਾਈ ਸਾਹਿਬ ਭਾਈ ਰਣਧੀਰ ਸਿੰਘ ਵਰਗੇ ਧਾਰਮਿਕ ਆਗੂਆਂ ਨਾਲ ਤਾਲ-ਮੇਲ ਕੀਤਾ, ਤੀਜਾ ਬੰਗਾਲ ਦੇ ਕ੍ਰਾਂਤੀਕਾਰੀਆਂ ਨਾਲ ਤਾਲ-ਮੇਲ ਕਰਕੇ ਉਨ੍ਹਾਂ ਕੋਲੋਂ ਹਥਿਆਰਾਂ ਦਾ ਪ੍ਰਬੰਧ ਕੀਤਾ, ਚੌਥਾ ਵੱਖੋ-ਵੱਖ ਫੌਜੀ ਛਾਉਣੀਆਂ ਵਿੱਚ ਫੌਜੀਆਂ ਨਾਲ ਤਾਲਮੇਲ ਕਰਕੇ ਉਨ੍ਹਾਂ ਨੂੰ ਬਗਾਵਤ ਲਈ ਤਿਆਰ ਕੀਤਾ।

ਕਰਤਾਰ ਸਿੰਘ ਸਰਾਭਾ, ਸੁੱਚਾ ਸਿੰਘ ਹਰੀ ਅਤੇ ਪਿੰਗਲੇ 11 ਫਰਵਰੀ ਨੂੰ ਲਾਹੌਰ ਮੋਚੀ ਗੇਟ ਵਾਲੇ ਘਰ ਮੀਟਿੰਗ ਦੌਰਾਨ ਬਗਾਵਤ ਦੀ ਤਾਰੀਖ 21 ਫਰਵਰੀ ਰੱਖੀ। ਸਾਰੇ ਮੈਬਰਾਂ ਦਾ ਧਿਆਨ ਹੁਣ 21 ਫਰਵਰੀ ਦੀਆਂ ਤਿਆਰੀਆਂ ਉੱਤੇ ਸੀ ਪਰ ਕਿਰਪਾਲ ਸਿੰਘ ਨੇ ਇਸ ਦੀ ਸੂਹ ਪੁਲਿਸ ਨੂੰ ਦੇ ਦਿੱਤੀ। ਜਿਸ ਨਾਲ 21 ਫਰਵਰੀ ਦੀ ਬਗਾਵਤ ਫੇਲ ਹੋ ਗਈ। ਪੁਲਿਸ ਨੇ ਮੋਚੀ ਗੇਟ ਵਾਲ਼ੇ ਘਰ ’ਤੇ ਨਜ਼ਰ ਰੱਖਣੀ ਸ਼ੁਰੂ ਕਰ ਦਿੱਤੀ। ਪੁਲਿਸ ਵਾਲ਼ੇ ਸਾਦੇ ਕੱਪੜੇ ਪਾ ਕੇ ਘਰ ਦੇ ਚਾਰੇ ਚੁਫੇਰੇ ਤੈਨਾਤ ਹੋ ਗਏ ਸੀ। ਪੁਲਿਸ ਨੇ ਕਿਰਪਾਲ ਸਿੰਘ ਦੀਆਂ ਸੂਹਾਂ ’ਤੇ ਬਹੁਤ ਸਾਰੇ ਗ.ਦਰ ਪਾਰਟੀ ਦੇ ਮੈਬਰ ਗਿਰਫ਼ਤਾਰ ਕਰ ਲਏ ਸੀ ਪਰ ਕਰਤਾਰ ਸਿੰਘ ਸਰਾਭਾ, ਜਗਤ ਸਿੰਘ ਅਤੇ ਹਰਨਾਮ ਸਿੰਘ ਕੋਟਲਾ ਬਚ ਕੇ ਪੰਜਾਬ ਆਉਦੇ-ਆਉਦੇ ਉਹ ਪਠਾਣੀ ਭੇਸ ਬਣਾ ਕੇ ਅਫ਼ਗਾਨਿਸਤਾਨ ਆ ਗਏ। ਜਿੱਥੇ 2 ਮਾਰਚ ਨੂੰ ਜਗਤ ਸਿੰਘ ਦੇ ਜਾਣ -ਪਛਾਣ ਵਾਲੇ ਰਾਜਿੰਦਰ ਸਿੰਘ ਦੇ ਘਰ ਪਹੁੰਚੇ, ਜਿਸ ਸਮੇਂ ਕਰਤਾਰ ਸਿੰਘ ਸਰਾਭਾ ਆਪਣੇ ਸਾਥੀਆਂ ਨੇ ਵਿਹੜੇ ‘ਚ ਮੰਜੇ ਤੇ ਬੈਠ ਕੇ ਆਪਣੀ ਮੌਜ ਨਾਲ ਕਰਾਂਤੀਕਾਰੀ ਵਿਚਾਰਾਂ ਕਰ ਰਹੇ ਸੀ ਤਾਂ ਪੁਲਿਸ ਨੂੰ ਕਿਸੇ ਨੇ ਸੂਹ ਦੇ ਦਿੱਤੀ ਅਤੇ ਪੁਲਿਸ ਨੇ ਰਾਜਿੰਦਰ ਸਿੰਘ ਦੇ ਘਰ ਤੇ ਛਾਪਾ ਮਾਰਕੇ ਕਰਤਾਰ ਸਿੰਘ ਸਰਾਭਾ, ਜਗਤ ਸਿੰਘ, ਹਰਨਾਮ ਸਿੰਘ ਕੋਟਲਾ ਨੂੰ ਗਿਰਫ਼ਤਾਰ ਕਰ ਲਿਆ। ਜਦੋਂ ਕਰਤਾਰ ਸਿੰਘ ਸਰਾਭਾ ’ਤੇ ਬਗ.ਾਵਤ ਦੇ ਦੋਸ਼ ਅਧੀਨ ਮੁਕੱਦਮਾ ਚੱਲ ਰਿਹਾ ਸੀ ਤਾਂ ਸਰਾਭੇ ਨੇ ਸਾਰੇ ਦੋਸ਼ਾਂ ਦੀ ਸਮੁੱਚੀ ਜ਼ੁੰਮੇਵਾਰੀ ਆਪਣੇ ਖੁਦ ਉੱਪਰ ਲੈ ਲਈ ਸੀ।

ਅਮਰੀਕਾ ਅੰਦਰ ਜੁਲਾਈ 1912 ਤੋਂ ਲੈਕੇ ਭਾਰਤ ਅੰਦਰ 19 ਫਰਵਰੀ 1915 ਤੱਕ ਹਰ ਸਰਗਰਮੀ ਵਿੱਚ ਕਰਤਾਰ ਸਿੰਘ ਸਰਾਭਾ ਦਾ ਹੱਥ ਰਿਹਾ ਸੀ। ਇਸ ਗੱਲ ਦੀ ਪੁਸ਼ਟੀ ਵਾਅਦਾ-ਮੁਆਫ਼ ਗਵਾਹਾਂ ਅਮਰ ਸਿੰਘ, ਮੂਲਾ ਸਿੰਘ, ਨਵਾਬ ਖਾਂ, ਸੁੱਚਾ ਸਿੰਘ, ਉਮਰਾਓ ਸਿੰਘ ਨੇ ਗਵਾਹੀ ਦਿੱਤੀ।

ਕਰਤਾਰ ਸਿੰਘ ਸਰਾਭਾ ਤੇ ਉਸਦੇ ਸਾਥੀਆਂ ਦੇ ਮੁਕੱਦਮੇ ਦੀ ਕਾਰਵਾਈ 26 ਅਪਰੈਲ 1915 ਨੂੰ ਸ਼ੁਰੂ ਹੋਈ ਤੇ 13 ਸਤੰਬਰ ਨੂੰ ਖਤਮ ਹੋਈ।

ਆਖਰਕਾਰ ਸਾਰੇ ਮੁਕੱਦਮੇ ਦੀ ਕਾਰਵਾਈ ਤੋਂ ਬਾਅਦ 13 ਸਤੰਬਰ 1915 ਨੂੰ ਫੈਸਲਾ ਸੁਣਾਇਆ ਗਿਆ। ਜਿਸ ਵਿੱਚ ਲਾਹੌਰ ਸਾਜ਼ਿਸ ਕੇਸ ਤਹਿਤ ਕਰਤਾਰ ਸਿੰਘ ਸਰਾਭਾ ਸਣੇ 24 ਲੋਕਾਂ ਨੂੰ ਫਾਂਸੀ ਦੀ ਸਜ਼ਾ ਸੁਣਾਈ ਗਈ। ਵਾਇਸਰਾਏ ਨੇ ਨਜ਼ਰਸਾਨੀ ਦੌਰਾਨ 14 ਨਵੰਬਰ 1915 ਨੂੰ 17 ਗ਼ਦਰੀਆਂ ਦੀ ਫਾਂਸੀ ਤੋੜ ਕੇ ਉਮਰ ਕੈਦ ਵਿਚ ਤਬਦੀਲ ਕਰ ਦਿੱਤੀ।

ਜੱਜ ਨੇ ਕਰਤਾਰ ਸਿੰਘ ਸਰਾਭਾ ਨੂੰ ਵੀ ਕਿਹਾ, “ਜੇ ਤੂੰ ਮੁਆਫੀ ਮੰਗ ਲਏ ਤਾਂ ਅਸੀਂ ਤੇਰੀ ਸਜ਼ਾ ਮੁਆਫ ਕਰ ਸਕਦੇ ਹਾਂ ਕਿਉਂਕਿ ਤੇਰੀ ਉਮਰ ਵੀ ਛੋਟੀ ਹੈ।” ਤਾਂ ਕਰਤਾਰ ਸਿੰਘ ਸਰਾਭਾ ਨੇ ਕਿਹਾ, “ਮੈਂ ਤਾਂ ਇਸੇ ਕੰਮ ਲਈ ਇੱਥੇ ਆਇਆ ਹਾਂ ਅਤੇ ਜੇ ਮਰਾਂ ਵੀ ਤਾਂ ਮੇਰੀ ਇੱਛਾ ਹੈ ਕਿ ਫਿਰ ਜਨਮ ਲੈ ਕੇ ਵਤਨ ਦੀ ਆਜ਼ਾਦੀ ਲਈ ਲੜਾਂ ਤੇ ਫਿਰ ਆਪਣੀ ਜਾਨ ਦੇਵਾਂ।”

ਉਸ ਸਮੇਂ ਜੱਜ ਨੇ ਕਿਹਾ ਸੀ ਕਿ ਇਸ ਕੇਸ ਦੇ 61 ਮੁਲਜ਼ਮਾਂ ਵਿੱਚੋਂ ਸਭ ਤੋਂ ਖ਼ਤਰਨਾਕ ਕਰਤਾਰ ਸਿੰਘ ਸਰਾਭਾ ਹੈ ਇਸ ਲਈ ਉਸਦੀ ਫਾਂਸੀ ਦੀ ਸਜ਼ਾ ਮੁਆਫ ਨਹੀਂ ਕੀਤੀ ਜਾ ਸਕਦੀ। ਇਸੇ ਕਾਰਨ ਕਰਕੇ ਕਰਤਾਰ ਸਿੰਘ ਨੂੰ ਫਾਂਸੀ ਦਿੱਤੀ ਗਈ।

16 ਨੰਵਬਰ 1915 ਨੂੰ ਸਵੇਰੇ ਕਰਤਾਰ ਸਿੰਘ ਸਰਾਭਾ ਅਤੇ ਉਹਨਾ ਦੇ ਛੇ ਸਾਥੀਆਂ ਬਖਸ਼ੀਸ਼ ਸਿੰਘ, ਹਰਨਾਮ ਸਿੰਘ, ਜਗਤ ਸਿੰਘ, ਸੁਰੈਣ ਸਿੰਘ , ਸੁਰੈਣ ਅਤੇ ਵਿਸ਼ਨੂੰ ਗਣੇਸ਼ ਪਿੰਗਲੇ,ਲਾਹੌਰ ਦੀ ਸੈਂਟਰਲ ਜੇਲ੍ਹ ਵਿੱਚ ਫ਼ਾਂਸੀ ਚੜ੍ਹਾਇਆ ਗਿਆ। ਜਦੋਂ ਕਰਤਾਰ ਸਿੰਘ ਸਰਾਭਾ ਨੂੰ ਫਾਂਸੀ ਦੇਣ ਲੱਗੇ ਤਾਂ ਕਰਤਾਰ ਸਿੰਘ ਸਰਾਭਾ ਦੇ ਚਿਹਰੇ ਦੇ ਇੱਕ ਵੱਖਰੀ ਹੀ ਚਮਕ ਤੇ ਵੱਖਰਾ ਹੀ ਜਾਹੋ ਜਲਾਲ ਸੀ। ਆਖਰੀ ਮੁਲਾਕਾਤ ਦੌਰਾਨ ਉਹ ਆਪਣੇ ਦਾਦੇ ਨੂੰ ਵੀ ਚੜ੍ਹਦੀ ਕਲਾ ਵਿੱਚ ਰਹਿਣ ਦਾ ਸੁਨੇਹਾ ਦਿੰਦਾ। ਸਰਦਾਰ ਕਰਤਾਰ ਸਿੰਘ ਸਰਾਭੇ ਦੀ ਸ਼ਹਾਦਤ ਨੇ ਉਸ ਸਮੇਂ ਪੂਰੇ ਦੇਸ ਦੇ ਲੋਕਾਂ ਤੇ ਖ਼ਾਸਕਰ ਨੌਜਵਾਨਾਂ ਨੂੰ ਬਹੁਤ ਹੀ ਪ੍ਰਭਾਵਿਤ ਕੀਤਾ ਸੀ ਉਹਨਾਂ ਹੀ ਨੌਜਵਾਨਾਂ ਵਿਚੋਂ ਇੱਕ ਸ. ਭਗਤ ਸਿੰਘ ਵੀ ਸੀ ਜੋ ਕਿ ਸ. ਕਰਤਾਰ ਸਿੰਘ ਸਰਾਭੇ ਨੂੰ ਆਪਣਾ ਗੁਰੂ ਮੰਨਦਾ ਸੀ।

ਸ. ਕਰਤਾਰ ਸਿੰਘ ਸਰਾਭੇ ਤੇ ਭਗਤ ਸਿੰਘ ਹੁਰੀਂ ਤਾਂ ਆਪਣੇ ਫ਼ਰਜ਼ ਨਿਭਾ ਚੱਲੇ ਹੁਣ ਲੋੜ ਹੈ ਅੱਜ ਦੀ ਸਾਡੀ ਨੌਜਵਾਨ ਪੀੜ੍ਹੀ ਨੂੰ ਕਿ ਉਹਨਾਂ ਦੇ ਪਾਏ ਪੂਰਨਿਆਂ ’ਤੇ ਕਿਵੇਂ ਚੱਲਣਾ ਕਿਉਂਕਿ ਜੇ ਦੇਖਿਆ ਜਾਵੇ ਅੱਜ ਦੇ ਹਾਲਾਤ ਵੀ ਉਵੇਂ ਹੀ ਬਣਦੇ ਜਾ ਰਹੇ ਨੇ,ਦੇਸ ਵਿੱਚ ਭ੍ਰਿਸ਼ਟਾਚਾਰ,ਬੇਈਮਾਨੀ ਤੇ ਡਾਵਾਂਡੋਲ ਆਰਥਿਕਤਾ ਕਾਰਨ ਆਮ ਲੋਕ ਇੱਕ ਤਰ੍ਹਾਂ ਦੀ ਗੁਲਾਮੀ ਹੀ ਹੰਢਾ ਰਹੇ ਹਨ। ਇਹੋ ਡਾਵਾਂਡੋਲ ਮਾਹੌਲ ਨੇ ਸਾਡੀ ਨੌਜਵਾਨੀ ਦੀ ਮਾਨਸਿਕਤਾ ਨੂੰ ਡਾਵਾਂਡੋਲ ਕੀਤਾ ਹੋਇਆ ਹੈ। ਜਿਸ ਕਰਕੇ ਕੁਝ ਨੌਜਵਾਨ ਨਸ਼ਿਆਂ ਦੀ ਮਾਰ ਨਾਲ਼ ਮਰਦੇ ਜਾ ਰਹੇ ਹਨ ਤੇ ਬਾਕੀ ਵਿਦੇਸ਼ਾਂ ਵੱਲ ਦੌੜ ਰਹੇ ਹਨ। ਅਜਿਹੇ ਮਾਹੌਲ ’ਚ ਸਾਡੇ ਆਪਣੇ ਵਤਨ ਤੋਂ ਪਰਵਾਸ ਕਰ ਰਹੇ ਸਰਾਭੇ ਦੇ ਵਾਰਸਾਂ ਨੂੰ ਆਪਣੇ ਇਤਿਹਾਸ ਤੋਂ ਪ੍ਰੇਰਨਾ ਲੈਣ ਦੀ ਸਭ ਤੋਂ ਵੱਡੀ ਲੋੜ ਹੈ। ਇਹਦੇ ਲਈ ਸਾਨੂੰ ਸਭ ਨੂੰ ਆਪੋ-ਆਪਣੇ ਪਰਿਵਾਰਾਂ-ਰਿਸ਼ਤੇਦਾਰਾਂ ’ਚ ਆਪਣੇ ਨਿੱਕੇ ਬੱਚਿਆਂ ਨੂੰ ਦੱਸੀਏ ਕਿ ਸਾਡੇ ਅਠਾਰਵੇਂ ’ਚ ਜਾਕੇ ਮੁੰਡਾ ਬਦਨਾਮ ਨਹੀਂ ਹੁੰਦਾਂ ਸਗੋਂ ਤੂਫ਼ਾਨਾਂ ਦਾ ਸ਼ਾਹ ਅਸਵਾਰ ਬਣ ਕੇ ਕਰਤਾਰ ਸਿੰਘ ਸਰਾਭਾ ਬਣ ਜਾਂਦਾ ਹੈ।

**-ਸ.ਸੁਖਚੈਨ ਸਿੰਘ ਕੁਰੜ**
**(ਪੰਜਾਬੀ ਅਧਿਆਪਕ ਤੇ ਭਾਸ਼ਾ ਮੰਚ ਸਰਪ੍ਰਸਤ)**
**ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਨਾ ਸਿੰਘ ਵਾਲ਼ਾ (ਫ਼ਿਰੋਜ਼ਪੁਰ)**

# ਭਾਰੀ ਬਰਸਾਤ ਤੇ ਹੜ੍ਹ ਵਰਗੇ ਹਾਲਾਤ ਨਾਲ ਪ੍ਰਭਾਵਿਤ 80 ਵਿਅਕਤੀਆਂ ਨੂੰ ਸੌਂਪੇ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ

## ਪੰਜਾਬ ਸਰਕਾਰ ਲੋਕਾਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਵੱਧ ਤੇ ਯਤਨਸ਼ੀਲ- ਚੀਫ ਵਿੱਪ ਪ੍ਰੋ. ਬਲਜਿੰਦਰ ਕੌਰ



**ਤਲਵੰਡੀ ਸਾਬੋ, 15 ਨਵੰਬਰ (ਗੁਰਜੰਟ ਸਿੰਘ ਨਥੇਹਾ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਵੱਧ ਅਤੇ ਯਤਨਸ਼ੀਲ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਚੀਫ ਵਿੱਪ ਅਤੇ ਤਲਵੰਡੀ ਸਾਬੋ ਤੋਂ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨੇ ਭਾਰੀ ਬਰਸਾਤ ਤੇ ਹੜ੍ਹ ਵਰਗੇ ਹਾਲਾਤ ਨਾਲ ਪ੍ਰਭਾਵਿਤ 80 ਵਿਅਕਤੀਆਂ ਨੂੰ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਸੌਂਪਣ ਉਪਰੰਤ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਐਸਡੀਐਮ ਤਲਵੰਡੀ ਸਾਬੋ ਸ਼੍ਰੀ ਪੰਕਜ ਵਿਸ਼ੇਸ਼ ਤੌਰ ‘ਤੇ ਮੌਜੂਦ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਦੌਰਾਨ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਦੀਆਂ ਹਦਾਇਤਾਂ ਅਨੁਸਾਰ ਕਿਸੇ ਵੀ ਵਿਅਕਤੀ ਨੂੰ ਮੁਆਵਜ਼ੇ ਲਈ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਪੂਰੀ ਤਰ੍ਹਾਂ ਵਚਨਵੱਧ ਹੈ ਕਿ ਨੁਕਸਾਨ ਦੇ ਸਰਵੇਖਣ ਤੋਂ ਬਾਅਦ ਮੁਆਵਜ਼ਾ ਰਾਸ਼ੀ ਸਿੱਧੇ ਪ੍ਰਭਾਵਿਤ ਲੋਕਾਂ ਦੇ ਖਾਤਿਆਂ ਵਿੱਚ ਬਿਨਾਂ ਕਿਸੇ ਦੇਰੀ ਦੇ ਜਮ੍ਹਾਂ ਕਰਵਾਏਗੀ। ਇਸ ਦੌਰਾਨ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਹੜ੍ਹ ਜਾਂ ਭਾਰੀ ਬਰਸਾਤ ਕਾਰਨ ਪ੍ਰਭਾਵਿਤ ਕਿਸੇ ਵੀ ਵਿਅਕਤੀ ਦੀ ਹਰ ਸੰਭਵ ਮਦਦ ਕਰਨ ਲਈ ਤਤਪਰ ਹੈ। ਉਨ੍ਹਾਂ ਕਿਹਾ ਕਿ ਜਿਥੇ ਕਿਸਾਨ ਪੰਜਾਬ ਦੀ ਰੀੜ ਦੀ ਹੱਡੀ ਹਨ ਉਥੇ ਹੀ ਉਨ੍ਹਾਂ ਦੀ ਖੁਸ਼ਹਾਲੀ ਹੀ ਸੂਬੇ ਦੀ ਤਰੱਕੀ ਦਾ ਮੂਲ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਦੀ ਪ੍ਰਾਥਮਿਕਤਾ ਹੈ ਕਿ ਹਰ ਯੋਗ ਲਾਭਪਾਤਰੀ ਤੱਕ ਸਰਕਾਰੀ ਯੋਜਨਾਵਾਂ ਦੇ ਲਾਭ ਪਹੁੰਚਣ। ਇਸ ਮੌਕੇ ਤਲਵੰਡੀ ਸਾਬੋ, ਕਲਾਲਵਾਲਾ, ਭਾਗੀਵਾਂਦਰ ਅਤੇ ਕੌਰੇਆਣਾ ਤੋਂ ਮੁਆਵਜ਼ਾ ਲੈਣ ਆਏ ਪ੍ਰਭਾਵਿਤ ਵਿਅਕਤੀਆਂ ਨੇ ਪੰਜਾਬ ਸਰਕਾਰ ਦੇ ਇਸ ਤੇਜ਼ ਅਤੇ ਪਾਰਦਰਸ਼ੀ ਕਾਰਜ ਪ੍ਰਣਾਲੀ ਦੀ ਸ਼ਲਾਘਾ ਵੀ ਕੀਤੀ। ਇਸ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਅੰਮ੍ਰਿਤਸਰ ਦੇ ਗਲਿਆਰੇ ਵਿੱਚ ਦੋ ਸਟੈਚੂ ਬਾਬਾ ਬੰਦਾ ਸਿੰਘ ਬਹਾਦਰ ਜੀ ਤੇ ਸਰਦਾਰ ਹਰੀ ਸਿੰਘ ਨਲੂਆ ਜੀ ਦਾ ਲੱਗਣ ਜਾ ਰਿਹਾ ਹੈ



**ਚੌਕ ਮਹਿਤਾ,15 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਗੁਰੂ ਨਗਰੀ ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਕੰਪਨੀ ਬਾਗ ਤੇ ਅੰਮ੍ਰਿਤਸਰ ਦੇ ਗਲਿਆਰੇ ਵਿੱਚ ਸੂਰਵੀਰ ਯੋਧੇ ਜਰਨੈਲਾਂ ਦੀਆਂ ਯਾਦਗਾਰਾਂ ਬਣਾਉਣ ਦੀ ਮੰਗ ਪਿਛਲੇ ਲੰਬੇ ਸਮੇਂ ਤੋਂ ਅਕਾਲ ਸੇਵਾ ਫਾਊਂਡੇਸ਼ਨ ਦੇ ਸਮੂਹਦੇਦਾਰ ਤੇ ਮੈਂਬਰ ਸਾਹਿਬਾਨਾਂ ਵੱਲੋਂ ਕੀਤੀ ਜਾ ਰਹੀ ਹੈ ਤੇ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੂੰ ਤੇ ਅੰਮ੍ਰਿਤਸਰ ਦੇ ਡੀਸੀ ਸਾਹਿਬਾਨ ਤੇ ਕਾਰਪੋਰੇਸ਼ਨ ਦੇ ਕਮਿਸ਼ਨਰ ਸਾਹਿਬਾਨ ਤੇ ਸਰਕਾਰ ਨੂੰ ਕਈ ਵਾਰ ਮੰਗ ਪੱਤਰ ਦਿੱਤੇ ਜਾ ਚੁੱਕੇ ਨੇ ਤੇ ਪਿਛਲੇ ਤਿੰਨ ਸਾਲਾਂ ਤੋਂ ਲਗਾਤਾਰ ਚਿੱਠੀਆਂ ਲਿਖੀਆਂ ਜਾ ਰਹੀਆਂ ਨੇ ਕਿ ਗਲਿਆਰੇ ਵਿੱਚ ਭੰਗੜੇ ਵਾਲੇ ਸਟੈਚੂ ਉਤਾਰ ਦਿੱਤੇ ਗਏ ਨੇ ਤੇ ਉਹਨਾਂ ਦੀ ਜਗ੍ਹਾ ਤੇ ਬਾਬਾ ਬੰਦਾ ਸਿੰਘ ਬਹਾਦਰ ਤੇ ਸਰਦਾਰ ਹਰੀ ਸਿੰਘ ਨਲੂਆ ਤੇ ਬਾਬਾ ਅਕਾਲੀ ਫੂਲਾ ਸਿੰਘ ਜੀ ਦਾ ਤੇ ਜਨਰਲ ਹਰਬਖਸ਼ ਸਿੰਘ ਜੀ ਦਾ ਸਟੈਚੂ ਲਗਾਇਆ ਜਾਵੇ ਤੇ ਇਸ ਤੋਂ ਇਲਾਵਾ ਅੰਮ੍ਰਿਤਸਰ ਦੇ ਕੰਪਨੀ ਬਾਗ ਵਿੱਚ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦਾ ਬੁੱਤ ਡਿੱਗਣ ਦੇ ਕਿਨਾਰੇ ਤੇ ਹੈ ਉਸ ਦੇ ਆਲੇ ਦੁਆਲੇ ਦੀਆਂ ਕੰਧਾਂ ਵਿੱਚ ਤੇੜਾਂ ਆ ਚੁੱਕੀਆਂ ਨੇ ਤੇ ਇਸ ਨੂੰ ਵੀ ਬਣਾਉਣ ਦੇ ਮੰਗ ਪਿਛਲੇ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਹੈ ਤੇ 2024 ਵਿੱਚ ਮਾਣਯੋਗ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਤੇ ਡੀਸੀ ਅੰਮ੍ਰਿਤਸਰ ਤੇ ਕਾਰਪੋਰੇਸ਼ਨ ਦੇ ਕਮਿਸ਼ਨਰ ਨੇ ਸਮਾਰਟ ਸਿਟੀ ਤਹਿਤਇਕ ਕਰੋੜ ਰੁਪਏ ਦਾ ਪ੍ਰੋਜੈਕਟ ਬਣਾਇਆ ਗਿਆ ਸੀ ਤੇ ਵਿਸ਼ਵਾਸ ਦਵਾਇਆ ਹੀ ਕਿ ਜਲਦ ਤੋਂ ਜਲਦ ਇਸ ਦਾ ਕੰਮ ਸ਼ੁਰੂ ਹੋ ਜਾਵੇਗਾ। ਕਿਉਂਕਿ ਅਕਾਲ ਸੇਵਾ ਫਾਊਂਡੇਸ਼ਨ ਦੇ ਅਹੁਦੇਦਾਰ ਸਾਹਿਬਾਨਾਂ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਵਿਰਾਸਤਾਂ ਦੀ ਲੜਾਈ ਲੜੀ ਜਾ ਰਹੀ ਹੈ ਤੇ ਮੰਗ ਕੀਤੀ ਜਾ ਰਹੀ ਹੈ। ਤੇ ਹੁਣ ਖੁਸ਼ੀ ਦੇ ਮੌਕੇ ਤੇ ਪ੍ਰਸ਼ਾਸਨ ਤੇ ਐਮਪੀ ਔਜਲਾ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਜਾਂਦਾ ਹੈ ਕਿ ਅੰਮ੍ਰਿਤਸਰ ਦੇ ਕੰਪਨੀ ਬਾਗ ਵਿੱਚ ਮਹਾਰਾਜਾ ਰਣਜੀਤ ਸਿੰਘ ਦੇ ਬੁੱਤ ਨੂੰ ਬਣਾਉਣ ਦਾ ਕੰਮ 95 ਲੱਖ ਦੀ ਲਾਗਤ ਦੇ ਨਾਲ ਸ਼ੁਰੂ ਹੋ ਚੁੱਕਾ ਹੈ ਤੇ ਅੰਮ੍ਰਿਤਸਰ ਦੇ ਗਲਿਆਰੇ ਵਿੱਚ ਦੋ ਸਟੈਚੂ ਬਾਬਾ ਬੰਦਾ ਸਿੰਘ ਬਹਾਦਰ ਜੀ ਤੇ ਸਰਦਾਰ ਹਰੀ ਸਿੰਘ ਨਲੂਆ ਜੀ ਦਾ ਲੱਗਣ ਜਾ ਰਿਹਾ ਹੈ ਤੇ ਬਾਕੀ ਦੇ ਵੀ ਜਲਦ ਤੋਂ ਜਲਦ ਲੱਗਣਗੇ ਇਸ ਦੇ ਲਈ ਅੰਮ੍ਰਿਤਸਰ ਦੇ ਡੀਸੀ ਸਾਹਿਬ ਤੇ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਤੇ ਜ਼ਿਲਾ ਪ੍ਰਸ਼ਾਸਨ ਦਾ ਦਿਲ ਦੀਆਂ ਗਹਿਰਾਈਆਂ ਤੋਂ ਅਕਾਲ ਸੇਵਾ ਫਾਊਂਡੇਸ਼ਨ ਦੇ ਪ੍ਰਧਾਨ ਹਰਪਾਲ ਸਿੰਘ ਰੰਧਾਵਾ ਤੇ ਸਰਬਜੀਤ ਸਿੰਘ ਸੋਨੂ ਜੰਡਿਆਲਾ ਨੇ ਧੰਨਵਾਦ ਕੀਤਾ ਤੇ ਉਹਨਾਂ ਕਿਹਾ ਕਿ ਹਰ ਇੱਕ ਚੰਗੇ ਕੰਮ ਵਿੱਚ ਅਸੀਂ ਆਪਣਾ ਯੋਗਦਾਨ ਪਾਵਾਂਗੇ ਤੇ ਪੁਰਾਤਨ ਵਿਰਾਸਤਾਂ ਨੂੰ ਬਚਾਉਣ ਦੇ ਲਈ ਹਮੇਸ਼ਾ ਅੱਗੇ ਆਵਾਂਗੇ ਅੱਜ ਅੰਮ੍ਰਿਤਸਰ ਦੇ ਡੀਸੀ ਦਲਵਿੰਦਰਜੀਤ ਸਿੰਘ ਨਾਲ ਮੁਲਾਕਾਤ ਕਰਕੇ ਉਨਾਂ ਦਾ ਧੰਨਵਾਦ ਕੀਤਾ ਤੇ ਇੱਕ ਮੰਗ ਪੱਤਰ ਦਿੱਤਾ ਕੀ ਜਿਸ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਜਥੇਦਾਰ ਅਕਾਲੀ ਫੂਲਾ ਸਿੰਘ ਜੀ ਸਰਦਾਰ ਹਰੀ ਸਿੰਘ ਨਲੂਆ ਸਰਦਾਰ ਜਨਰਲ ਜਗਜੀਤ ਸਿੰਘ ਅਰੋੜਾ ਜਨਰਲ ਹਰਬੰਸ ਸਿੰਘ ਜੀ ਦੀ ਯਾਦਗਾਰ ਬਣਾਉਣ ਦੀ ਕੀਤੀ ਮੰਗ

ਆਵਾਜ਼ਿ ਕੌਮ AWAZE QAUM International Newspaper & WEB TV

ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਸਤਿਕਾਰਯੋਗ ਪਿਤਾ



ਬਾਬਾ ਜੋਗਿੰਦਰ ਸਿੰਘ ਜੀ ਖਾਲਸਾ

# ਬਾਬਾ ਜੋਗਿੰਦਰ ਸਿੰਘ ਜੀ ਦੀ

# 32ਵੀਂ ਬਰਸੀ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਮਿਤੀ 18 ਨਵੰਬਰ 2025 ਦਿਨ ਮੰਗਲਵਾਰ ਨੂੰ

ਗੁਰਦੁਆਰਾ ਸੰਤ ਖਾਲਸਾ (ਜਨਮ ਅਸਥਾਨ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ) ਪਿੰਡ ਰੋਡੇ, ਜ਼ਿਲ੍ਹਾ ਮੋਗਾ

## ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 3 ਵਜੇ ਤੱਕ ਮਨਾਈ ਜਾ ਰਹੀ ਹੈ।

ਵੀਹਵੀਂ ਸਦੀ ਦੇ ਮਹਾਨ ਯੋਧੇ, ਇਨਕਲਾਬੀ ਜਰਨੈਲ, ਸੰਤ ਸਿਪਾਹੀ ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਅਤੇ ਸ਼ਹੀਦ ਭਾਈ ਜੰਗੀਰ ਸਿੰਘ, ਸ਼ਹੀਦ ਭਾਈ ਜਗਜੀਤ ਸਿੰਘ ਦੇ ਸਤਿਕਾਰਯੋਗ ਪਿਤਾ ਅਤੇ ਸ਼ਹੀਦ ਭਾਈ ਸਵਰਨ ਸਿੰਘ, ਸ਼ਹੀਦ ਭਾਈ ਹਰਦੀਪ ਸਿੰਘ ਦੇ ਸਤਿਕਾਰਯੋਗ ਬਾਬਾ ਜੀ ਪੂਰਨ ਗੁਰਸਿੱਖ, ਗੁਰਦੁਆਰਿਆਂ ਦੀ ਅਜ਼ਾਦੀ ਤੋਂ ਲੈ ਕੇ 1993 ਤੱਕ ਵੱਖ-ਵੱਖ ਸਮਿਆਂ ਵਿੱਚ ਪੰਥ ਲਈ ਅਨੇਕਾਂ ਵਾਰ ਜੇਲ੍ਹ ਯਾਤਰਾ ਕਰਨ ਵਾਲੇ, ਅੰਮ੍ਰਿਤ ਸੰਚਾਰ ਦੀਆਂ ਲਹਿਰਾਂ ਚਲਾਉਣ ਵਾਲੇ, ਸਿੱਖ ਨੌਜਵਾਨਾਂ ਦੀ ਰਿਹਾਈ ਤੇ ਧਰਮੀ ਫੌਜੀਆਂ ਦੀ ਮੁੜ ਬਹਾਲੀ ਲਈ ਪੰਜਾਬ ਅਸੈਂਬਲੀ ਦਾ ਸਫ਼ਲ ਘਿਰਾਓ ਕਰਨ ਵਾਲੇ, 1989 ਦੀਆਂ ਲੋਕ ਸਭਾ ਚੋਣਾਂ ਸਮੇਂ ਅਕਾਲੀ ਦਲ ਦੀ ਅਗਵਾਈ ਕਰਕੇ ਬੇਮਿਸਾਲ ਜਿੱਤ ਹਾਸਲ ਕਰਨ ਵਾਲੇ, ਸਿੱਖ ਸੰਘਰਸ਼ ਵਿੱਚ ਕੌਮ ਦੇ ਸੁਨਹਿਰੀ ਭਵਿੱਖ ਲਈ ਯੋਗ ਅਗਵਾਈ ਕਰਨ ਵਾਲੇ ਮਹਾਨ ਸਿਦਕੀ ਬਾਬਾ ਜੋਗਿੰਦਰ ਸਿੰਘ ਜੀ ਖ਼ਾਲਸਾ ਦੀ ਬਰਸੀ 'ਤੇ ਸਮੂਹ ਸੰਗਤਾਂ ਨੂੰ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।

ਬੇਨਤੀ ਕਰਤਾ :

**ਸਮੂਹ ਬਾਬਾ ਪਰਿਵਾਰ ਅਤੇ ਨਗਰ ਪੰਚਾਇਤਾਂ, ਪਿੰਡ ਰੋਡੇ (ਮੋਗਾ)**

ਮੋ: 98140-29018, 97815-52538, 98140-13915

## ਗੁਰੂ ਕਾ ਲੰਗਰ ਅਤੁੱਟ ਵਰਤੇਗਾ।

### ਦਸ਼ਮੇਸ਼ ਵਿਦਿਅਕ ਸੰਸਥਾਵਾਂ ਵਿੱਚ

# ਆਈ.ਪੀ.ਐਸ. ਅਧਿਕਾਰੀਆਂ ਨਾਲ ਪ੍ਰੇਰਨਾਦਾਇਕ ਵਿਚਾਰ ਚਰਚਾ








**ਚੌਕ ਮਹਿਤਾ,15 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਮੰਨੀ ਪ੍ਰਮੰਨੀ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦਸ਼ਮੇਸ਼ ਪਬਲਿਕ ਹੈਰੀਟੇਜ ਸਕੂਲ ਮਹਿਤਾ ਚੌਂਕ ਵਿਖੇ ਬੱਚਿਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ " ਆਈ.ਪੀ.ਐਸ ਅਧਿਕਾਰੀਆਂ ਨਾਲ ਪ੍ਰੇਰਨਾਦਾਇਕ ਵਿਚਾਰ-ਚਰਚਾ" ਸਿਰਲੇਖ ਹੇਠ ਇਕ ਸੈਮੀਨਾਰ ਉਲੀਕਿਆ ਗਿਆ ।ਜਿਸ ਵਿੱਚ ਸ਼੍ਰੀ ਆਦਿਤਿਯ ਵਾਰੀਅਰ ਆਈ ਪੀ ਐਸ, ਐਸ ਪੀ ਇਨਵੈਸਟੀਗੇਸ਼ਨ ਅੰਮ੍ਰਿਤਸਰ ਦਿਹਾਤੀ ਅਤੇ ਸ਼੍ਰੀਮਤੀ ਜਸਰੂਪ ਕੌਰ ਬਾਠ ਆਈ.ਪੀ.ਐਸ ਅਡੀਸ਼ਨਲ ਡਿਪਟੀ ਕਮਿਸ਼ਨਰ ਪੁਲਿਸ ਅੰਮ੍ਰਿਤਸਰ ਪਹੁੰਚੇ ।ਸਕੂਲ ਪਹੁੰਚਣ ਤੇ ਵਿਦਿਆਰਥੀਆਂ ਵੱਲੋਂ ਸਕੂਲੀ ਬੈਂਡ ਨਾਲ ਉਹਨਾਂ ਦਾ ਸਵਾਗਤ ਕੀਤਾ ਗਿਆ ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ. ਹਰਸ਼ਦੀਪ ਸਿੰਘ ਰੰਧਾਵਾ ਨੇ ਉਹਨਾਂ ਨੂੰ ਸਕੂਲ ਵਿੱਚ ਪਹੁੰਚਣ ਤੇ ਜੀ ਆਇਆ ਕਿਹਾ ।ਸਕੂਲ ਦੇ ਵਿਦਿਆਰਥੀਆਂ ਅਤੇ ਆਈ.ਪੀ.ਐਸ ਅਫਸਰਾਂ ਵਿਚਕਾਰ ਪ੍ਰੇਰਨਾਦਾਇਕ ਗੱਲਬਾਤ ਹੋਈ।ਗੱਲਬਾਤ ਦੌਰਾਨ ਵਿਦਿਆਰਥੀਆ ਨੇ ਆਪਣੀ ਜਗਿਆਸਾਂ ਨੂੰ ਸੰਤੁਸ਼ਟ ਕਰਨ ਲਈ ਪ੍ਰਸ਼ਨ ਵੀ ਪੁੱਛੇ ਅਤੇ ਉਨ੍ਹਾਂ ਨੇ ਬੱਚਿਆਂ ਨੂੰ ਅੱਗੇ ਵਧਣ ਦੀ ਪ੍ਰੇਰਨਾ ਦਿੰਦੇ ਹੋਏ ਉਹਨਾਂ ਦੇ ਪ੍ਰਸ਼ਨਾਂ ਦੇ ਉੱਤਰ ਦਿੱਤੇ ।ਸ਼੍ਰੀ ਅਦਿਤਿਆ ਵਾਰੀਅਰ ਨੇ ਬੱਚਿਆਂ ਨੂੰ ਰੋਜ਼ਾਨਾ ਅਖਬਾਰ ਪੜ੍ਹਨ ,ਖੂਬ ਮਿਹਨਤ ਕਰਨ ਅਤੇ ਜ਼ਿੰਦਗੀ ਵਿੱਚ ਉੱਚੀਆਂ ਬੁਲੰਦੀਆਂ ਨੂੰ ਛੂਹਣ ਦਾ ਸੰਦੇਸ਼ ਦਿੱਤਾ ।ਉਹਨਾਂ ਨੇ ਸੈਮੀਨਾਰ ਵਿੱਚ ਸੰਬੋਧਨ ਕਰਦਿਆਂ ਵਿਦਿਆਰਥੀਆਂ ਨੂੰ ਆਪਣੀਆਂ ਅਸਫਲਤਾਵਾਂ ਤੋਂ ਨਿਰਾਸ਼ ਹੋਣ ਦੀ ਬਜਾਏ ਉਹਨਾਂ ਤੋਂ ਕੁਝ ਸਿੱਖਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਸਕੂਲਦੇ ਚੇਅਰਮੈਨ ਸ.ਗੁਰਦੀਪ ਸਿੰਘ ਰੰਧਾਵਾ,ਮੈਨੇਜਿੰਗ ਡਾਇਰੈਕਟਰ ਸ.ਹਰਸ਼ਦੀਪ ਸਿੰਘ ਰੰਧਾਵਾ,ਪ੍ਰਿੰਸੀਪਲ ਮੈ. ਗੁਰਬੀਰ ਕੌਰ,ਮੈ.ਹਰਪ੍ਰੀਤ ਕੌਰ ,ਮੈ.ਰਵਿੰਦਰ ਕੌਰ ਅਤੇ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਆਦਿਤਯ ਵਾਰੀਅਰ ਅਤੇ ਜਸਰੂਪ ਕੌਰ ਬਾਠ ਨੇ ਵਿਦਿਆਰਥੀਆਂ ਨੂੰ ਦਿੱਤੇ ਆਈ.ਪੀ.ਐਸ ਬਣਨ ਦੇ ਟਿਪਸ**

### ਤਰਨਤਾਰਨ ਜ਼ਿਮਨੀ ਚੋਣ ਜਿੱਤਣ 'ਤੇ ਲੋਕਾਂ ਨੇ

# ਆਪ ਦੀਆਂ ਨੀਤੀਆਂ 'ਤੇ ਲਾਈ ਮੋਹਰ ਤੇ ਵਰਕਰਾਂ ਨੇ ਮਨਾਈ ਖੁਸ਼ੀ



ਚੌਕ ਮਹਿਤਾ, 15 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਹਿਤਾ ਚੌਕ ਆਮ ਆਦਮੀ ਪਾਰਟੀ ਦਫਤਰ ਵਿਖੇ ਤਰਨਤਾਰਨ ਜ਼ਿਮਨੀ ਚੋਣ ਦੀ ਖੁਸ਼ੀ ਚ ਆਮ ਆਦਮੀ ਪਾਰਟੀ ਦੇ ਵਰਕਰਾ ਵੱਲੋ ਜ਼ੋਨ ਮਨਾਏ ਗਏ ਉਥੇ ਲੱਡੂ ਵੀ ਵੰਡੇ ਗਏ ਇਸ ਮੋਕੇ ਬੋਲਦਿਆ ਹਲਕਾ ਜੰਡਿਆਲਾ ਦੇ ਸਾਡੇ ਸੀਨੀਅਰ ਲੀਡਰ ਨਰੇਸ਼ ਪਾਠਕ ਐਸ ਐਸ ਬੋਰਡ ਮੈਬਰ, ਪੰਜਾਬ ਸਰਕਾਰ ਸੀਤਲ ਜੁਨੇਜਾ ਮੈਂਬਰ ਟ੍ਰੇਡਰਜ ਕਮਿਸ਼ਨ ਪੰਜਾਬ ਸਰਕਾਰ ਗੁਰਪ੍ਰੀਤ ਕਟਾਰੀਆ ਜ਼ਿਲਾ ਪ੍ਰਧਾਨ ਟ੍ਰੇਡ ਵਿੰਗ ਅੰਮ੍ਰਿਤਸਰ ਤੇ ਹਲਕਾ ਇੰਚਾਰਜ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ, ਅੰਮ੍ਰਿਤਸਰ ਐਕਸਾਈਜ ਐਂਡ ਟੈਕਸੇਸ਼ਨ ਸਲਾਹਕਾਰ ਕਮੇਟੀ ਮੈਂਬਰ,ਪੰਜਾਬ ਸਰਕਾਰ ਦੀ ਅਗਵਾਈ ਹੇਠ ਇਕ ਮੀਟਿੰਗ ਵੀ ਕਰਾਈ ਗਈ ਇਸ ਦੌਰਾਨ ਸਮੂਹ ਬਲਾਕ ਪ੍ਰਧਾਨਾਂ ਨਾਲ ਜਰੂਰੀ ਵਿਚਾਰ ਵਿਟਾਂਦਰੇ ਕੀਤੇ ਗਏ ਤੇ ਪਾਰਟੀ ਨਾਲ ਸਬੰਧਤ ਅਹਿਮ ਮੁੱਦਿਆਂ ਉਪੱਰ ਗੱਲਬਾਤ ਕੀਤੀ ਗਈ ।ਇਸ ਮੌਕੇ ਨਰੇਸ਼ ਪਾਠਕ ਸੰਗਠਨ ਇੰਚਾਰਜ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਕਟਾਰੀਆ ਅਤੇ ਜ਼ਿਲਾ ਅੰਮ੍ਰਿਤਸਰ ਰੂਲਰ ਟ੍ਰੇਡ ਵਿੰਗ ਦੇ ਪ੍ਰਧਾਨ ਅਭਿਸ਼ੇਕ ਬੰਸਲ ਤੇ ਹਲਕਾ ਜੰਡਿਆਲਾ ਪ੍ਰਧਾਨ ਹਰਜਿੰਦਰ ਸਿੰਘ ਜਲਾਲ ਉਸਮਾਂ ਨੇ ਕਿਹਾ ਕਿ 'ਆਪ' ਸਰਕਾਰ ਵਪਾਰੀਆਂ ਦੇ ਨਾਲ ਖੜ੍ਹੀ ਹੈ ਤੇ ਉਨ੍ਹਾਂ ਨੂੰ ਵਪਾਰ ਸਬੰਧੀ ਕੋਈ ਮੁਸ਼ਿਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ।ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਵਪਾਰੀਆਂ ਨੂੰ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿੱਤਾ ਤੇ ਨਾਲ ਹੀ ਤਰਨਤਾਰਨ ਤੋ ਹਰਮੀਤ ਸਿੰਘ ਸੰਧੂ ਦੀ ਜਿੱਤ ਦੀ ਖੁਸ਼ੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰਾ ਵਲੋ ਖੁਸ਼ੀ ਮਨਾਈ ਗਈ ਤੇ ਪਾਰਟੀ ਦੀ ਮਜਬੂਤੀ ਵਾਸਤੇ ਵਿਚਾਰ ਕੀਤੇ ਕਿ ਆਉਣ ਵਾਲੀ 2027 ਵਿੱਚ ਫਿਰ ਆਮ ਆਦਮੀ ਪਾਰਟੀ ਇਸੇ ਤਰਾ ਹੀ ਫਿਰ ਇਤਿਹਾਸ ਰੱਚੇਗੀ ਇਹਨਾ ਗੱਲਾ ਦਾ ਪ੍ਰਗਟਾਵਾ ਕੀਤਾ ਗਿਆ ਇਸ ਮੌਕੇ ਸਰਪੰਚ ਅਜੇ ਗਾਧੀ ਮਹਿਤਾ ਸਰਪੰਚ ਮਨਜੀਤ ਸਿੰਘ ਨੰਗਲ ਐਸ. ਸੀ. ਵਿੰਗ ਪ੍ਰਧਾਨ ਹਲਕਾ ਜੰਡਿਆਲਾ ਜੋਬਨਜੀਤ ਸਿੰਘ ਘੁਹਾਟਵਿੰਡ ਪ੍ਰਧਾਨ ਅਮਰ ਰਾਵਤ, ਲਾਡੀ ਸੂਰੋ ਪੱਡਾ, ਜਗਤਾਰ ਸਿੰਘ ਧਰਮੂਚੱਕ ,ਪਰਮਿੰਦਰ ਪੰਨਾ, ਮਨਦੀਪ ,ਜੋਗਾ ਸਿੰਘ , ਸੁਖਵਿੰਦਰ ਸਿੰਘ ਜਲਾਲ ,ਜਗਜੀਤ ਸਿੰਘ ਉਸਮਾ ,ਰਾਜੇਸ਼ ਕੁਮਾਰ ਮਹਿਤਾ ਤੇ ਰਾਣਾ ਚੂੰਗ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਵਰਕਰ ਵੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# 51000 ਹਜ਼ਾਰ ਕੈਨੇਡੀਅਨ ਡਾਲਰ ਵਾਲੇ ਢਾਹਾਂ ਸਾਹਿਤ ਇਨਾਮ ਦੇ ਸਾਲ 2025 ਲਈ ਜੇਤੂ ਅਤੇ ਫਾਈਨਲਿਸਟ ਪੁਸਤਕਾਂ ਦਾ ਐਲਾਨ

- **ਢਾਹਾਂ ਸਾਹਿਤ ਇਨਾਮ 2025 ਦੇ ਜੇਤੂ ਰਹੇ ਬਲਬੀਰ ਪਰਵਾਨਾ ਦੇ ਨਾਵਲ 'ਰੌਲਿਆਂ ਵੇਲੇ' ਨੇ ਜਿੱਤਿਆ 25000 ਕੈਨੇਡੀਅਨ ਡਾਲਰ ਦਾ ਇਨਾਮ**
- **ਦੋ ਫਾਈਨਲਿਸਟ ਮੁਦੱਸਰ ਬਸ਼ੀਰ (ਲਾਹੌਰ) ਅਤੇ ਭਗਵੰਤ ਰਸੂਲਪੁਰੀ (ਜਲੰਧਰ) ਦਾ 10-10 ਹਜ਼ਾਰ ਡਾਲਰ ਦੇ ਇਨਾਮ ਨਾਲ ਸਨਮਾਨ**




**ਬੰਗਾ / ਵੈਨਕੂਵਰ (ਬੀ.ਸੀ) 15 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਲਪ ਲਈ ਵਿਸ਼ਵ ਦੇ ਪ੍ਰਸਿੱਧ ਸਾਹਿਤਕ ਢਾਹਾਂ ਸਾਹਿਤ ਇਨਾਮ ਨੇ ਆਪਣੇ 12ਵੇਂ ਜੇਤੂ ਨਾਵਲਕਾਰ ਸ੍ਰੀ ਬਲਬੀਰ ਪਰਵਾਨਾ (ਜਲੰਧਰ ) ਨੂੰ ਉਹਨਾਂ ਦੇ ਗੁਰਮੁਖੀ ਲਿਪੀ ਵਿਚ ਲਿਖੇ ਨਾਵਲ 'ਰੌਲਿਆਂ ਵੇਲੇ' ਲਈ 25,000 ਕੈਨੇਡੀਅਨ ਡਾਲਰ ਦੇ ਪੁਰਸਕਾਰ ਨਾਲ ਸਰੀ, ਬੀ.ਸੀ. ਵਿੱਚ ਨੌਰਥਵਿਊ ਗੋਲਫ ਐਂਡ ਕੰਟਰੀ ਕਲੱਬ ਵਿਖੇ ਹੋਏ ਸਮਾਰੋਹ ਦੌਰਾਨ ਸਨਮਾਨਿਤ ਕੀਤਾ ਗਿਆ ।ਜਦ ਕਿ ਦੋ ਫਾਈਨਲਿਸਟਾਂ ਸ੍ਰੀ ਮੁਦੱਸਰ ਬਸ਼ੀਰ (ਲਾਹੌਰ) ਨੂੰ ਸ਼ਾਹਮੁਖੀ ਲਿਪੀ ਵਿਚ ਲਿਖੇ ਨਾਵਲ 'ਗੋਇਲ' ਅਤੇ ਸ੍ਰੀ ਭਗਵੰਤ ਰਸੂਲਪੁਰੀ (ਜਲੰਧਰ) ਨੂੰ ਉਸ ਦੇ ਗੁਰਮੁਖੀ ਵਿਚ ਲਿਖੇ ਲਘੂ ਕਹਾਣੀ ਸੰਗ੍ਰਹਿ 'ਡਲਿਵਰੀ ਮੈਨ' ਲਈ 10-10 ਹਜ਼ਾਰ ਕੈਨੇਡੀਅਨ ਡਾਲਰ ਦੇ ਇਨਾਮ ਨਾਲ ਸਨਮਾਨ ਕੀਤਾ ਗਿਆ । ਤਿੰਨਾਂ ਇਨਾਮ ਜੇਤੂਆਂ ਨੂੰ ਹੱਥਾਂ ਨਾਲ ਤਿਆਰ ਕੀਤੇ ਵਿਸ਼ੇਸ਼ ਸਨਮਾਨ ਚਿੰਨ੍ਹਾਂ ਨਾਲ ਇਹ ਇਨਾਮ ਭੇਟ ਕੀਤੇ ਗਏ ।ਇਸ ਮੌਕੇ ਇਹਨਾਂ ਤਿੰਨਾਂ ਪੁਸਤਕਾਂ ਦੇ ਗੁਰਮੁਖੀ ਅਤੇ ਸ਼ਾਹਮੁਖੀ ਵਿੱਚ ਲਿਪੀਅੰਤਰਨ ਲਈ 6,000 ਕੈਨੇਡੀਅਨ ਡਾਲਰ ਦਾ ਇਨਾਮ ਪ੍ਰਦਾਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਨਮਾਨ ਸਮਾਰੋਹ ਮੌਕੇ ਸੰਬੋਧਨ ਕਰਦਿਆਂ ਨਾਵਲਕਾਰ ਸ੍ਰੀ ਬਲਬੀਰ ਪਰਵਾਨਾ ਨੇ ਕਿਹਾ ਕਿ, "ਇਸ ਪੁਰਸਕਾਰ ਨੇ ਮੇਰੇ ਨਾਵਲ ਨੂੰ ਪਾਠਕਾਂ ਦੀ ਇੱਕ ਨਵੀਂ ਦੁਨੀਆਂ ਦਿੱਤੀ ਹੈ," ।ਜਦੋਂ ਮੈਂ ਆਪਣੇ ਨਾਮ ਦਾ ਐਲਾਨ ਸੁਣਿਆ ਤਾਂ ਮੈਂ ਖੁਸ਼ੀ ਅਤੇ ਉਤਸ਼ਾਹ ਨਾਲ ਭਰ ਗਿਆ ।ਇਸ ਇਨਾਮ ਨੇ ਮੈਨੂੰ ਰਚਨਾਵਾਂ ਰਚਦੇ ਰਹਿਣ ਲਈ ਉਤਸ਼ਾਹਿਤ ਕੀਤਾ ਹੈ । ਲਹਿੰਦੇ ਪੰਜਾਬ ਤੋਂ ਕੈਨੇਡਾ ਪੁੱਜੇ ਨਾਵਲਕਾਰ ਸ੍ਰੀ ਮੁਦੱਸਰ ਬਸ਼ੀਰ ਨੇ ਆਪਣੇ ਵਿਚਾਰਾਂ ਨੂੰ ਸਾਂਝਾ ਕਰਦੇ ਕਿਹਾ ਕਿ, " ਇਹ ਸਨਮਾਨ ਪ੍ਰਾਪਤ ਕਰਨ ਬਾਅਦ ਮੇਰੇ ਕੋਲ ਕਹਿਣ ਨੂੰ ਸ਼ਬਦ ਨਹੀਂ ਹਨ ।ਮੈਂ ਆਪਣੀ ਮਾਂ ਬੋਲੀ ਪੰਜਾਬੀ ਨੂੰ ਬਹੁਤ ਪਿਆਰ ਕਰਦਾ ਹਾਂ ।ਇਸ ਇਨਾਮ ਦੇ ਮਿਲਣ ਉਪਰੰਤ, ਮੈਂ ਮਾਂ ਬੋਲੀ ਪੰਜਾਬੀ ਦੀ ਸੇਵਾ ਹੋਰ ਵੀ ਜ਼ਿੰਮੇਵਾਰੀ ਨਾਲ ਜਾਰੀ ਰੱਖਣ ਦੀ ਪੂਰਨ ਆਸ ਰੱਖਦਾ ਹਾਂ।" ਕਹਾਣੀਕਾਰ ਸ੍ਰੀ ਭਗਵੰਤ ਰਸੂਲਪੁਰੀ ਨੇ ਕਿਹਾ, " ਢਾਹਾਂ ਸਾਹਿਤ ਇਨਾਮ ਦੇ ਫਾਈਨਲਿਸਟ ਵਜੋਂ ਨਾਮਜ਼ਦ ਹੋਣਾ ਇੱਕ ਵੱਡੀ ਪ੍ਰਾਪਤੀ ਹੈ ।ਜਿਸ ਨਾਲ ਹੁਣ ਮੇਰੀਆਂ ਕਹਾਣੀਆਂ ਪੰਜਾਬੀ ਭਾਸ਼ਾ ਦੀਆਂ ਸੀਮਾਵਾਂ ਤੋਂ ਪਾਰ ਹੋਰ ਭਾਸ਼ਾਵਾਂ ਦੇ ਪਾਠਕਾਂ ਤੱਕ ਵੀ ਪਹੁੰਚ ਕਰ ਸਕਦੀਆਂ ਹਨ ।"

ਇਸ ਮੌਕੇ ਬੀ.ਸੀ. ਪੁਰਸਕਾਰ ਜੇਤੂ ਲੇਖਕ ਗੁਰਜਿੰਦਰ ਬਸਰਾਨ ਨੇ ਮੁੱਖ ਭਾਸ਼ਣ ਦੌਰਾਨ ਆਪਣੇ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ, ਢਾਹਾਂ ਸਾਹਿਤ ਇਨਾਮ ਦੇ ਤਿੰਨਾਂ ਜੇਤੂਆਂ ਨੂੰ ਹਾਰਦਿਕ ਵਧਾਈ ਦਿੱਤੀ ।ਉਹਨਾਂ ਨੇ ਢਾਹਾਂ ਸਾਹਿਤ ਇਨਾਮ ਵੱਲੋ ਮਾਂ ਬੋਲੀ ਪੰਜਾਬੀ ਦੇ ਸਮੁੱਚੀ ਦੁਨੀਆਂ ਵਿਚ ਪ੍ਰਚਾਰ ਅਤੇ ਪਸਾਰ ਲਈ ਕੀਤੇ ਜਾ ਰਹੇ ਉੱਦਮਾਂ ਦੀ ਭਾਰੀ ਸ਼ਲਾਘਾ ਕੀਤੀ।

ਸਮਾਰੋਹ ਵਿਚ ਇਨਾਮ ਦੇ ਸੰਸਥਾਪਕ ਸ. ਬਰਜਿੰਦਰ ਸਿੰਘ ਢਾਹਾਂ ਨੇ ਕਿਹਾ ਕਿ "ਸਾਡਾ ਮਿਸ਼ਨ ਪੰਜਾਬੀ ਸਾਹਿਤ ਨੂੰ ਵਿਸ਼ਵ ਪੱਧਰ 'ਤੇ ਉੱਚਾ ਚੁੱਕਣਾ ਹੈ । ਇਸ ਲਈ ਪੰਜਾਬੀ ਗਲਪ ਵਿੱਚ ਸ਼ਕਤੀਸ਼ਾਲੀ ਨਵੀਆਂ ਕਹਾਣੀਆਂ ਨੂੰ ਪਛਾਣ ਕੇ ਉਹਨਾਂ ਲਈ ਪਾਠਕਾਂ ਨੂੰ ਪ੍ਰੇਰਿਤ ਕਰਨਾ, ਲੇਖਕਾਂ ਦੀ ਹੌਂਸਲਾ ਅਫਜ਼ਾਈ ਕਰਨੀ ਅਤੇ ਸਰਹੱਦਾਂ ਦੇ ਆਰ-ਪਾਰ ਸੱਭਿਆਚਾਰਕ ਭਾਈਚਾਰਕ ਸਬੰਧਾਂ ਨੂੰ ਮਜ਼ਬੂਤ ਕਰਨਾ ਹੈ। " ਉਹਨਾਂ ਕਿਹਾ ਕਿ ਇਸ ਦੇ ਨਾਲ ਹੀ ਦੁਨੀਆਂ ਭਰ ਵਿਚ ਹਰ ਸਾਲ ਪ੍ਰਕਾਸ਼ਿਤ ਹੋਣ ਵਾਲੀਆਂ ਪੰਜਾਬੀ ਗਲਪ ਦੀਆਂ ਉੱਤਮ ਰਚਨਾਵਾਂ ਨੂੰ ਆਮ ਲੋਕਾਈ ਤੱਕ ਪਹੁੰਚਾਉਣਾ ਹੈ । ਅਸੀਂ ਸਾਹਿਤ ਰਾਹੀਂ ਦੋਵਾਂ ਪੰਜਾਬਾਂ ਵਿਚ ਵੀ ਸਾਂਝਾਂ ਦਾ ਪੁਲ ਬਣਾਉਣ ਲਈ ਯਤਨਸ਼ੀਲ ਹਾਂ ।ਇਸ ਲਈ ਇਹਨਾਂ ਜੇਤੂ ਪੁਸਤਕਾਂ ਦਾ ਲਿਪੀਅੰਤਰਨ ਕਰਕੇ ਆਮ ਲੋਕਾਈ ਤੱਕ ਪੁੰਹਚਣਾ ਇਸ ਦੇ ਸਭ ਤੋਂ ਪ੍ਰਭਾਵਸ਼ਾਲੀ ਤਰੀਕਿਆਂ ਵਿੱਚੋਂ ਪ੍ਰਮੁੱਖ ਹੈ । ਉਹਨਾਂ ਕਿਹਾ ਕਿ ਸਾਲ 2025 ਇਨਾਮ ਦੇ ਜੇਤੂ ਜਿੱਥੇ ਸਾਡੇ ਪੰਜਾਬੀ ਸਾਹਿਤ ਦੇ ਉੱਚ ਕੋਟੀ ਦੇ ਨਾਵਲਕਾਰ ਅਤੇ ਕਹਾਣੀਕਾਰ ਹਨ, ਉੱਥੇ ਉਹਨਾਂ ਦੀਆਂ ਪੁਸਤਕਾਂ ਦੇ ਵਿਸ਼ੇ ਸਾਨੂੰ ਇੱਕ ਵਿੱਲਖਣ ਸੁਨੇਹਾ ਪ੍ਰਦਾਨ ਕਰਦੇ ਹਨ ।ਉਹਨਾਂ ਕਿਹਾ ਕਿ ਢਾਹਾਂ ਸਾਹਿਤ ਪੁਰਸਕਾਰ ਵੱਲੋਂ ਪੰਜਾਬੀ ਸਾਹਿਤ ਰਚਨਾ ਨੂੰ ਉਤਸ਼ਾਹਿਤ ਕਰਨ, ਵਿਸ਼ਵ ਭਰ ਦੇ ਪੰਜਾਬੀ ਭਾਈਚਾਰਿਆਂ ਨੂੰ ਜੋੜਨ, ਮਾਂ-ਬੋਲੀ ਅਤੇ ਪੰਜਾਬੀ ਭਾਸ਼ਾ-ਸਾਹਿਤ ਦੇ ਪ੍ਰਚਾਰ ਅਤੇ ਪਸਾਰ ਕਰਨ ਲਈ ਵੱਖ ਵੱਖ ਉਪਰਾਲੇ ਕਰ ਰਿਹਾ ਹੈ ।

ਇਸ ਮੌਕੇ ਕੈਨੇਡਾ ਇੰਡੀਆ ਐਜੂਕੇਸ਼ਨ ਸੋਸਾਇਟੀ ਦੇ ਪ੍ਰਧਾਨ, ਸੈਨੇਟਰ ਸ. ਬਲਤੇਜ ਸਿੰਘ ਢਿੱਲੋਂ ਨੇ ਜੇਤੂਆਂ ਨੂੰ ਵਧਾਈ ਦਿੰਦੇ ਹੋਏ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਪ੍ਰਸਿੱਧ ਪੰਜਾਬੀ ਲੋਕ ਗਾਇਕ ਯਮਲਾ ਜੱਟ ਦੇ ਪੋਤੇ ਵਿਜੇ ਯਮਲਾ ਵੱਲੋਂ ਮਨਮੋਹਕ ਸੰਗੀਤਕ ਪੇਸ਼ਕਾਰੀ ਕਰਕੇ ਸਰੋਤਿਆਂ ਦਾ ਮਨ ਮੋਹ ਲਿਆ । ਸਨਮਾਨ ਸਮਾਰੋਹ ਦੌਰਾਨ ਬ੍ਰਿਟਿਸ਼ ਕੋਲੰਬੀਆ ਦੇ ਵੈਨਕੂਵਰ ਸ਼ਹਿਰ ਅਤੇ ਸਰੀ ਸ਼ਹਿਰ ਵਿਚ ਢਾਹਾਂ ਸਾਹਿਤ ਇਨਾਮ ਨੂੰ ਸਮਰਪਿਤ "ਪੰਜਾਬੀ ਸਾਹਿਤ ਹਫਤੇ" ਦੀ ਹੋਈ ਘੋਸ਼ਣਾ ਦੀ ਜਾਣਕਾਰੀ ਵੀ ਸਾਂਝੀ ਕੀਤੀ ਗਈ । ਇਸ ਮੌਕੇ ਵੱਖ ਵੱਖ ਪ੍ਰਸਿੱਧ ਲੇਖਕਾਂ ਤੋਂ ਇਲਾਵਾ ਸਿਆਸੀ ਆਗੂ, ਸਮਾਜਿਕ ਕਾਰਕੁੰਨ ਤੇ ਪੰਜਾਬੀ ਮਾਂ-ਬੋਲੀ ਨੂੰ ਪਿਆਰ ਕਰਨ ਵਾਲੀਆਂ ਸ਼ਖਸੀਅਤਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ।

ਢਾਹਾਂ ਸਾਹਿਤ ਇਨਾਮ ਵੈਨਕੂਵਰ, ਬ੍ਰਿਟਿਸ਼ ਕੋਲੰਬੀਆ, ਕੈਨੇਡਾ ਵਿੱਚ ਢਾਹਾਂ ਪਰਿਵਾਰ ਵੱਲੋਂ ਸਾਲ 2013 'ਚ ਸਥਾਪਿਤ ਕੀਤਾ ਗਿਆ ਸੀ। ਇਸ ਖਿੱਤੇ ਵਿੱਚ ਪੰਜਾਬੀ ਲੋਕਾਂ, ਭਾਸ਼ਾ ਅਤੇ ਸੱਭਿਆਚਾਰ ਦਾ ਇੱਕ ਅਮੀਰ ਇਤਿਹਾਸ ਹੈ। ਪੰਜਾਬੀ ਕੈਨੇਡਾ ਵਿੱਚ ਤੀਜੀ ਸਭ ਤੋਂ ਵੱਧ ਬੋਲੀ ਜਾਣ ਵਾਲੀ ਭਾਸ਼ਾ ਹੈ ਅਤੇ ਦੇਸ਼ ਦੇ ਬਹੁ-ਸੱਭਿਆਚਾਰਕ ਤਾਣੇ-ਬਾਣੇ ਵਿੱਚ ਇੱਕ ਮਜ਼ਬੂਤ ਧਾਗਾ ਹੈ। ਇਸ ਇਨਾਮ ਦੇ ਪ੍ਰਮੁੱਖ ਸੰਸਥਾਪਕ ਸ. ਬਰਜਿੰਦਰ ਸਿੰਘ ਢਾਹਾਂ ਤੇ ਉਹਨਾਂ ਦੀ ਪਤਨੀ ਰੀਟਾ ਢਾਹਾਂ ਵੱਲੋਂ ਸਮੂਹ ਢਾਹਾਂ ਪਰਿਵਾਰ, ਕੈਨੇਡਾ ਇੰਡੀਆ ਐਜੂਕੇਸ਼ਨ ਸੁਸਾਇਟੀ (CIES) ਅਤੇ ਯੂਨੀਵਰਸਿਟੀ ਆਫ ਬ੍ਰਿਟਿਸ਼ ਕੋਲੰਬੀਆ (UBC) ਦੇ ਸਹਿਯੋਗ ਨਾਲ ਸਾਲ 2013 ਵਿੱਚ ਢਾਹਾਂ ਪੁਰਸਕਾਰ ਦੀ ਸ਼ੁਰੂਆਤ ਕੀਤੀ ਸੀ ।ਢਾਹਾਂ ਸਾਹਿਤ ਇਨਾਮ ਨੇ ਪਿਛਲੇ ਬਾਰਾਂ ਸਾਲਾਂ ਦੇ ਸ਼ਾਨਦਾਰ ਸਫਰ ਦੌਰਾਨ ਆਲੋਚਨਾਤਮਕ ਪ੍ਰਸ਼ੰਸਾ ਅਤੇ ਪ੍ਰਸਿੱਧੀ ਪ੍ਰਾਪਤ ਕੀਤੀ ਹੈ ਅਤੇ ਜਿਸ ਨਾਲ ਜੇਤੂ ਲੇਖਕਾਂ ਅਤੇ ਉਨ੍ਹਾਂ ਦੀਆਂ ਕਿਤਾਬਾਂ ਲਈ ਵਿਆਪਕ, ਬਹੁ-ਭਾਸ਼ਾਈ ਸਰੋਤਿਆਂ ਤੱਕ ਪਹੁੰਚਣ ਲਈ ਢਾਹਾਂ ਸਾਹਿਤ ਇਨਾਮ ਨੇ ਨਵੇਂ ਰਾਹ ਬਣਾਏ ਹਨ ।

ਵਰਨਣਯੋਗ ਹੈ ਕਿ ਪੰਜਾਬ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪਿੰਡ ਢਾਹਾਂ ਦੇ ਜੰਮਪਲ ਅਤੇ ਬੀ.ਸੀ. ਕੈਨੇਡਾ ਦੇ ਨਿਵਾਸੀ ਬਰਜਿੰਦਰ ਸਿੰਘ ਢਾਹਾਂ, ਬੀਬੀ ਕਸ਼ਮੀਰ ਕੌਰ ਢਾਹਾਂ ਅਤੇ ਪ੍ਰਸਿੱਧ ਸਮਾਜ ਸੇਵਕ ਸਵ: ਬਾਬਾ ਬੁੱਧ ਸਿੰਘ ਢਾਹਾਂ ਬਾਨੀ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਹੋਣਹਾਰ ਸਪੁੱਤਰ ਅਤੇ ਇਸ ਟਰੱਸਟ ਦੇ ਮੌਜੂਦਾ ਮੀਤ ਪ੍ਰਧਾਨ ਵੀ ਹਨ ।ਉਹਨਾਂ ਦੇ ਸਮੂਹ ਢਾਹਾਂ ਪਰਿਵਾਰ ਵੱਲੋਂ ਕਾਇਮ ਕੀਤਾ ਢਾਹਾਂ ਸਾਹਿਤ ਇਨਾਮ ਪੰਜਾਬੀ ਭਾਸ਼ਾ ਵਿੱਚ ਗਲਪ ਪੁਸਤਕਾਂ ਲਈ ਸਭ ਤੋਂ ਵੱਡਾ ਅੰਤਰਰਾਸ਼ਟਰੀ ਸਾਹਿਤਕ ਪੁਰਸਕਾਰ ਬਣ ਚੁੱਕਾ ਹੈ ।

## ਇੱਕ ਨਜ਼ਰ...



## ਮਾਹਵਾਰੀ ਅਤੇ ਕਿਸ਼ੋਰ ਅਵਸਥਾ ਬਾਰੇ ਰਾਜ ਪੱਧਰੀ ਇੱਕ ਰੋਜ਼ਾ ਵਰਕਸ਼ਾਪ ਸਫਲਤਾਪੂਰਵਕ ਸਮਾਪਤ ਹੋਈ: ਡਾ. ਪੂਰਨਿਮਾ

ਚੌਕ ਮਹਿਤਾ, 15 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਅੱਜ ਅੰਮ੍ਰਿਤਸਰ ਵਿੱਚ, ਸਕੂਲ ਸਿੱਖਿਆ ਵਿਭਾਗ, ਪੰਜਾਬ ਸਰਕਾਰ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਸ੍ਰੀ ਰਾਜੇਸ਼ ਕੁਮਾਰ ਸ਼ਰਮਾ ਦੀ ਅਗਵਾਈ ਹੇਠ, ਡੀਆਰਸੀ ਡਾ. ਰਾਜਨ ਦੇ ਸਫਲ ਪ੍ਰਬੰਧਨ ਹੇਠ, ਅਤੇ ਬੀਆਰਸੀ ਡਾ. ਪੂਰਨਿਮਾ, ਸ਼ਸ਼ੀ ਕੁਮਾਰ ਅਤੇ ਵਿਕਰਮਜੀਤ ਦੇ ਸਹਿਯੋਗ ਨਾਲ, ਇੰਦਰ ਕੁਮਾਰ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਇੱਕ ਰਾਜ ਪੱਧਰੀ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਵਰਕਸ਼ਾਪ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਮੈਡਮ ਸ਼ਰੂਤੀ ਮੈਨਨ ਨੇ ਪੰਜਾਬ ਦੇ ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਕਪੂਰਥਲਾ, ਪਠਾਨਕੋਟ ਅਤੇ ਫਿਰੋਜ਼ਪੁਰ ਦੇ ਵੱਖ-ਵੱਖ ਸਰਕਾਰੀ ਸਕੂਲਾਂ ਦੇ ਪੰਜ-ਪੰਜ ਅਧਿਆਪਕਾਂ ਲਈ ਇੱਕ ਵਿਆਪਕ ਵਰਕਸ਼ਾਪ ਦਾ ਆਯੋਜਨ ਕੀਤਾ। ਉਸਨੇ ਦੱਸਿਆ ਕਿ ਉਸਦੀ ਸੰਸਥਾ, ਵਾਸ਼ ਯੂਨਾਈਟਿਡ, ਦਾ ਟੀਚਾ ਕਿਸ਼ੋਰ ਲੜਕੀਆਂ ਨੂੰ ਮਾਹਵਾਰੀ ਬਾਰੇ ਜਾਣਕਾਰੀ ਪ੍ਰਦਾਨ ਕਰਨਾ, ਉਨ੍ਹਾਂ ਦੇ ਮੁੱਦਿਆਂ 'ਤੇ ਚਰਚਾ ਕਰਨਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲੱਭਣਾ ਹੈ। ਵਰਕਸ਼ਾਪ ਦੌਰਾਨ, ਸ਼ਰੂਤੀ ਮੈਨਨ ਨੇ ਦੱਸਿਆ ਕਿ ਉਸਦੀ ਸੰਸਥਾ, ਵਾਸ਼ ਯੂਨਾਈਟਿਡ, ਦਾ ਟੀਚਾ ਇੱਕ ਅਧਿਆਪਕ ਨੂੰ ਕਿਸ਼ੋਰ ਲੜਕੀਆਂ ਦੀ ਬਿਹਤਰ ਸਮਝ ਪ੍ਰਦਾਨ ਕਰਨਾ ਅਤੇ ਉਨ੍ਹਾਂ ਵਿੱਚ ਵਿਸ਼ਵਾਸ ਦੀ ਭਾਵਨਾ ਪੈਦਾ ਕਰਨਾ ਹੈ। ਵਰਕਸ਼ਾਪ ਨੇ ਸਾਰੇ ਅਧਿਆਪਕਾਂ ਨੂੰ ਇੱਕ ਮੈਗਜ਼ੀਨ, "ਰੂਬੀਜ਼ ਵਰਲਡ" (ਐਮਐਚਐਮ ਗਾਈਡ) ਵੀ ਵੰਡਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਲਾਂ ਬਾਰੇ ਚਰਚਾ ਕੀਤੀ ਗਈ ਹੈ। ਅਧਿਆਪਕਾਂ ਨੇ ਆਪਣੇ ਨਿੱਜੀ ਅਨੁਭਵ ਸਾਂਝੇ ਕੀਤੇ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਅਧਿਆਪਨ ਦੌਰਾਨ ਆਉਣ ਵਾਲੀਆਂ ਮੁਸ਼ਕਲਾਂ ਬਾਰੇ ਖੁੱਲ੍ਹ ਕੇ ਚਰਚਾ ਕੀਤੀ। ਵਰਕਸ਼ਾਪ ਨੂੰ ਛੋਟੀਆਂ ਗਤੀਵਿਧੀਆਂ ਰਾਹੀਂ ਸਫਲਤਾਪੂਰਵਕ ਸੰਚਾਲਿਤ ਕੀਤਾ ਗਿਆ। ਅਧਿਆਪਕਾਂ ਨੇ ਇਸ ਵਿਸ਼ੇ 'ਤੇ ਜਾਣਕਾਰੀ ਹਰ ਕਿਸ਼ੋਰ ਵਿਦਿਆਰਥੀ ਨੂੰ ਪ੍ਰਦਾਨ ਕਰਨ ਦਾ ਵਾਅਦਾ ਕੀਤਾ ਜਿਸ ਦੇ ਸੰਪਰਕ ਵਿੱਚ ਉਹ ਆਉਂਦੇ ਹਨ, ਅਤੇ ਨਾਲ ਹੀ ਉਨ੍ਹਾਂ ਦੇ ਸਾਥੀ ਅਧਿਆਪਕਾਂ ਨੂੰ ਵੀ। ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਅਧਿਆਪਕਾਂ ਵਿੱਚ ਸੁਮਨ ਰਾਣਾ, ਬਲਰਾਜ ਕੌਰ, ਹਰਵਿੰਦਰ ਕੌਰ, ਦਿਲਜੀਤ ਕੌਰ, ਰਾਧਾ ਰਾਣੀ, ਕਮਲਪ੍ਰੀਤ ਕੌਰ, ਸਮਾਨਿਕਾ, ਰੇਣੂਕਾ ਮਹਾਜਨ, ਨਿਧੀ ਠਾਕੁਰ, ਅਮਰਜੀਤ ਕੌਰ, ਮਿੰਨੀ, ਜਸਪ੍ਰੀਤ ਕੌਰ, ਅਮਨਦੀਪ ਕੌਰ, ਮਨਪ੍ਰੀਤ ਕੌਰ, ਮੋਨਿਕਾ ਸੂਦ, ਸ਼ਿਵਾਨੀ ਪੁਰੀ, ਸਵਿਤਾ ਕੁਮਾਰੀ, ਸੁਖਦੀਪ ਕੌਰ, ਸਗੀਨਾ ਅਤੇ ਹੋਰ ਸ਼ਾਮਲ ਸਨ।

## ਲਾਪਤਾ ਸਿੱਖ ਸ਼ਰਧਾਲੂ ਨੂੰ ਵੀਜ਼ਾ ਪ੍ਰੋਟੋਕੋਲ ਦੀ ਗੰਭੀਰ ਉਲੰਘਣਾ ਅਧੀਨ ਤੁਰੰਤ ਦੇਸ਼ ਨਿਕਾਲਾ ਦੇਣ ਦੀ ਮੰਗ: ਸਰਨਾ

ਨਵੀਂ ਦਿੱਲੀ, 15 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਅਕਾਲੀ ਮੁਖੀ ਪਰਮਜੀਤ ਸਿੰਘ ਸਰਨਾ ਨੇ ਕਪੂਰਥਲਾ ਦੀ 52 ਸਾਲਾ ਸ਼ਰਧਾਲੂ ਸਰਬਜੀਤ ਕੌਰ ਨੂੰ ਤੁਰੰਤ ਦੇਸ਼ ਨਿਕਾਲਾ ਦੇਣ ਦੀ ਮੰਗ ਕੀਤੀ ਹੈ, ਜੋ ਪਾਕਿਸਤਾਨ ਤੋਂ ਸਿੱਖ ਜਥੇ ਨਾਲ ਵਾਪਸ ਨਹੀਂ ਆਈ ਅਤੇ ਹੁਣ ਦੱਸਿਆ ਜਾ ਰਿਹਾ ਹੈ ਕਿ ਉਸਨੇ ਇਸਲਾਮ ਧਰਮ ਧਾਰਨ ਕਰ ਲਿਆ ਹੈ ਅਤੇ ਸ਼ੇਖੂਪੁਰਾ ਦੇ ਇੱਕ ਸਥਾਨਕ ਨਿਵਾਸੀ ਨਾਲ ਵਿਆਹ ਕਰਵਾ ਲਿਆ ਹੈ। ਸਰਨਾ ਨੇ ਕਿਹਾ ਕਿ ਇਹ ਘਟਨਾ ਦੋਵਾਂ ਦੇਸ਼ਾਂ ਦੁਆਰਾ ਧਾਰਮਿਕ ਸਥਾਨ-ਯਾਤਰਾ ਪ੍ਰਬੰਧ ਅਧੀਨ ਸ਼ਰਧਾਲੂਆਂ ਦੀ ਆਵਾਜਾਈ ਦੀ ਨਿਗਰਾਨੀ ਕਰਨ ਦੇ ਤਰੀਕੇ ਵਿੱਚ ਇੱਕ ਗੰਭੀਰ ਗਲਤੀ ਨੂੰ ਉਜਾਗਰ ਕਰਦੀ ਹੈ। ਉਨ੍ਹਾਂ ਨਵੀਂ ਦਿੱਲੀ ਅਤੇ ਇਸਲਾਮਾਬਾਦ ਦੀਆਂ ਸਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਇਹ ਸਥਾਪਿਤ ਕਰਨ ਕਿ ਜਥੇ ਦਾ ਇੱਕ ਰਜਿਸਟਰਡ ਮੈਂਬਰ ਆਪਣੇ ਆਪ ਨੂੰ ਸਮੂਹ ਤੋਂ ਕਿਵੇਂ ਵੱਖ ਕਰ ਸਕਦਾ ਹੈ ਅਤੇ ਇੱਕ ਨਵੇਂ ਨਾਮ ਹੇਠ ਪਾਕਿਸਤਾਨੀ ਰਿਕਾਰਡਾਂ ਵਿੱਚ ਕਿਵੇਂ ਪ੍ਰਗਟ ਹੋ ਸਕਦਾ ਹੈ। ਉਨ੍ਹਾਂ ਕਿਹਾ ਪਾਕਿਸਤਾਨ ਵਿੱਚ ਘੁੰਮ ਰਹੀਆਂ ਰਿਪੋਰਟਾਂ ਵਿੱਚ ਇੱਕ ਉਰਦੂ ਨਿਕਾਹਨਾਮਾ ਸ਼ਾਮਲ ਹੈ ਜਿਸ ਵਿੱਚ ਦਰਸਾਇਆ ਗਿਆ ਹੈ ਕਿ ਸਰਬਜੀਤ ਕੌਰ, ਜਿਸਦੀ ਪਛਾਣ ਹੁਣ ਨੂਰ ਹੁਸੈਨ ਵਜੋਂ ਕੀਤੀ ਗਈ ਹੈ, ਨੇ ਇਸਲਾਮ ਧਰਮ ਧਾਰਨ ਕਰਨ ਤੋਂ ਬਾਅਦ ਸ਼ੇਖੂਪੁਰਾ ਦੇ ਨਾਸਿਰ ਹੁਸੈਨ ਨਾਲ ਵਿਆਹ ਕੀਤਾ ਸੀ। ਸਰਬਜੀਤ ਕੌਰ ਸਿੱਖ ਜਥੇ ਦਾ ਹਿੱਸਾ ਸੀ ਜਿਸ ਵਿਚ 1992 ਸਿੱਖ ਸ਼ਰਧਾਲੂ ਸਨ ਜੋ 4 ਨਵੰਬਰ ਨੂੰ ਗੁਰੂ ਨਾਨਕ ਸਾਹਿਬ ਦੇ ਪ੍ਰਕਾਸ਼ ਗੁਰਪੁਰਬ ਲਈ ਵਾਹਗਾ ਰਾਹੀਂ ਪਾਕਿਸਤਾਨ ਵਿੱਚ ਦਾਖਲ ਹੋਇਆ ਸੀ। ਇਸ ਸਮੂਹ ਨੇ 13 ਨਵੰਬਰ ਨੂੰ ਆਪਣੀ 10 ਦਿਨਾਂ ਦੀ ਯਾਤਰਾ ਸਮਾਪਤ ਕੀਤੀ, ਪਰ ਸਰਬਜੀਤ ਕੌਰ ਵਾਪਸ ਨਹੀਂ ਆਈ। ਸਰਨਾ ਨੇ ਕਿਹਾ ਕਿ ਇਹ ਮਾਮਲਾ ਅਧਿਕਾਰੀਆਂ ਵਿਚਕਾਰ ਨਿਯਮਤ ਆਦਾਨ-ਪ੍ਰਦਾਨ ਤੱਕ ਸੀਮਤ ਨਹੀਂ ਰਹਿ ਸਕਦਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਤੀਰਥ ਯਾਤਰਾ ਦਾ ਰਸਤਾ ਭਾਈਚਾਰੇ ਲਈ ਡੂੰਘਾ ਮਹੱਤਵ ਰੱਖਦਾ ਹੈ ਜੋ ਕਿ ਵਿਸ਼ਵਾਸ, ਢਾਂਚੇ ਅਤੇ ਸਪੱਸ਼ਟ ਨਿਗਰਾਨੀ 'ਤੇ ਨਿਰਭਰ ਕਰਦਾ ਹੈ। ਧਾਰਮਿਕ ਪਾਲਣਾ ਲਈ ਦਿੱਤਾ ਗਿਆ ਵੀਜ਼ਾ ਉਸ ਢਾਂਚੇ ਤੋਂ ਬਾਹਰ ਕਿਸੇ ਵੀ ਉਦੇਸ਼ ਲਈ ਨਹੀਂ ਵਰਤਿਆ ਜਾ ਸਕਦਾ ਹੈ। ਇਹ ਐਪੀਸੋਡ ਹਰ ਪ੍ਰਵਾਨਗੀ ਅਤੇ ਛੋਟ ਦੀ ਵਿਸਤ੍ਰਿਤ ਜਾਂਚ ਦੀ ਮੰਗ ਕਰਦਾ ਹੈ ਜਿਸਨੇ ਉਸ ਦੀ ਯਾਤਰਾ ਨੂੰ ਸਮਰੱਥ ਬਣਾਇਆ। ਉਨ੍ਹਾਂ ਨੇ ਭਾਰਤ ਵਿੱਚ ਇਸ ਗੱਲ ਦੀ ਪੂਰੀ ਜਾਂਚ ਦੀ ਮੰਗ ਕੀਤੀ ਕਿ ਉਸ ਦੇ ਦਸਤਾਵੇਜ਼ਾਂ ਦੀ ਪ੍ਰਕਿਰਿਆ ਕਿਵੇਂ ਕੀਤੀ ਗਈ, ਕਿਹੜੀਆਂ ਜਾਂਚਾਂ ਕੀਤੀਆਂ ਗਈਆਂ, ਅਤੇ ਕੀ ਕਿਸੇ ਚੇਤਾਵਨੀ ਸੰਕੇਤਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ। ਉਨ੍ਹਾਂ ਨੇ ਪਾਕਿਸਤਾਨ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਇਹ ਦੱਸੇ ਕਿ ਉਹ ਸ਼ਰਧਾਲੂਆਂ ਨੂੰ ਐਸਕਾਰਟ ਕਰਨ ਲਈ ਜ਼ਿੰਮੇਵਾਰ ਅਧਿਕਾਰੀਆਂ ਦੇ ਦਖਲ ਤੋਂ ਬਿਨਾਂ ਨਨਕਾਣਾ ਸਾਹਿਬ ਦੇ ਗੁਰਦੁਆਰਿਆਂ ਦੇ ਦੌਰੇ ਦੌਰਾਨ ਸਮੂਹ ਤੋਂ ਕਿਵੇਂ ਵੱਖ ਹੋਣ ਦੇ ਯੋਗ ਸੀ। ਸਰਨਾ ਨੇ ਕਿਹਾ ਕਿ ਦੋਵਾਂ ਸਰਕਾਰਾਂ ਨੂੰ ਇਸ ਮਾਮਲੇ ਨੂੰ ਸੁਧਾਰ ਲਈ ਸਮੱਗਰੀ ਵਜੋਂ ਮੰਨਣਾ ਚਾਹੀਦਾ ਹੈ, ਨਾ ਕਿ ਪ੍ਰਬੰਧਕੀ ਫੁੱਟਨੋਟ ਵਜੋਂ। ਉਨ੍ਹਾਂ ਨੇ ਸਿੱਖ ਤੀਰਥ ਯਾਤਰੀ ਵੀਜ਼ਾ ਬਿਨੈਕਾਰਾਂ ਦੀ ਡੂੰਘਾਈ ਨਾਲ ਜਾਂਚ ਕਰਨ 'ਤੇ ਜ਼ੋਰ ਦਿੱਤਾ, ਜਿਸ ਵਿੱਚ ਪਰਮਿਟ ਜਾਰੀ ਕਰਨ ਤੋਂ ਪਹਿਲਾਂ ਉਨ੍ਹਾਂ ਦੀ ਸੋਸ਼ਲ ਮੀਡੀਆ ਗਤੀਵਿਧੀ ਅਤੇ ਯਾਤਰਾ ਇਤਿਹਾਸ ਦੀ ਜਾਂਚ ਸ਼ਾਮਲ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਬਜੀਤ ਕੌਰ ਨੂੰ ਬਿਨਾਂ ਦੇਰੀ ਦੇ ਮਾਮਲੇ ਦੀ ਪੂਰੀ ਜਾਂਚ ਕਰਣ ਲਈ ਭਾਰਤ ਵਾਪਸ ਲਿਆਂਦਾ ਜਾਣਾ ਚਾਹੀਦਾ ਹੈ ਤਾਂ ਜੋ ਉਸ ਦੇ ਲਾਪਤਾ ਹੋਣ ਦੀ ਜਾਂਚ ਕੀਤੀ ਜਾ ਸਕੇ। ਤੀਰਥ ਯਾਤਰੀ ਇਸ ਯਾਤਰਾ ਨੂੰ ਜ਼ਿੰਮੇਵਾਰੀ ਅਤੇ ਸ਼ਰਧਾ ਦੀ ਭਾਵਨਾ ਨਾਲ ਕਰਦੇ ਹਨ। ਦੋਵਾਂ ਪਾਸਿਆਂ ਦੇ ਸਿਸਟਮਾਂ ਨੂੰ ਉਸ ਗੰਭੀਰਤਾ ਨਾਲ ਮੇਲ ਖਾਂਦਾ ਹੋਣਾ ਚਾਹੀਦਾ ਹੈ। ਇਹ ਘਟਨਾ ਅਜਿਹੇ ਸਵਾਲ ਉਠਾਉਂਦੀ ਹੈ ਜਿਨ੍ਹਾਂ ਦੇ ਸਪੱਸ਼ਟ ਜਵਾਬ ਚਾਹੀਦੇ ਹਨ।



# ਸੀਸ ਦੀਆ ਪਰ ਸਿਰੁ ਨ ਦੀਆ ਸਾਈਕਲ ਯਾਤਰਾ ਗੁਰਦੁਆਰਾ ਗੁਰੂ ਕੇ ਮਹਿਲ, ਅੰਮ੍ਰਿਤਸਰ ਲਈ ਦਿੱਲੀ ਤੋਂ ਹੋਈ ਰਵਾਨਾ





ਨਵੀਂ ਦਿੱਲੀ 15 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਸੰਬੰਧ ਵਿੱਚ ਅੱਜ "ਸੀਸ ਦੀਆ ਪਰ ਸਿਰੁ ਨ ਦੀਆ" ਸਾਈਕਲ ਯਾਤਰਾ ਦੀ ਗੁਰਦੁਆਰਾ ਸੀਸ ਗੰਜ ਸਾਹਿਬ, ਦਿੱਲੀ ਤੋਂ ਸ੍ਰੀ ਅਖੰਡ ਪਾਠ ਸਾਹਿਬ ਦੀ ਸਮਾਪਤੀ ਉਪਰੰਤ ਸ਼ੁਰੂਆਤ ਹੋਈ। ਗੁਰਦੁਆਰਾ ਸੀਸਗੰਜ ਸਾਹਿਬ ਵਿਖੇ 1675 ਈਸਵੀ 'ਚ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅੰਨਿਨ ਸ਼੍ਰਧਾਲੂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਨੂੰ ਉਸ ਵੇਲੇ ਦੇ ਮੁਗਲ ਹੁਕਮਰਾਨ ਔਰੰਗਜ਼ੇਬ ਦੇ ਹੁਕਮ ਉਤੇ ਧਾਰਮਿਕ ਅਜ਼ਾਦੀ ਦੀ ਰੱਖਿਆ ਕਰਨ ਦੇ ਜੁਰਮ ਤਹਿਤ ਸ਼ਹੀਦ ਕੀਤਾ ਗਿਆ ਸੀ। ਇਹ ਸਾਈਕਲ ਯਾਤਰਾ ਦੀ ਸਮਾਪਤੀ 20 ਨਵੰਬਰ ਨੂੰ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜਨਮ ਸਥਾਨ ਗੁਰਦੁਆਰਾ ਗੁਰੂ ਕੇ ਮਹਿਲ, ਅੰਮ੍ਰਿਤਸਰ ਵਿਖੇ ਹੋਵੇਗੀ। ਇਸ ਵਿਲੱਖਣ ਤੇ ਇਤਿਹਾਸਕ ਸਾਈਕਲ ਯਾਤਰਾ ਦਾ ਆਯੋਜਨ ਸਾਈਕਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ. ਵੱਲੋਂ ਕੀਤਾ ਗਿਆ ਹੈ। ਇਸ ਯਾਤਰਾ ਦਾ ਮੁੱਢਲਾ ਉਦੇਸ਼ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ, ਦਇਆ, ਨਿਡਰਤਾ ਅਤੇ ਨਿਰਭੈਤਾ ਦੀ ਵਿਰਾਸਤ ਦਾ ਪ੍ਰਚਾਰ ਕਰਨਾ ਹੈ। ਨਾਲ ਹੀ ਅਜੋਕੇ ਸਮੇਂ ਵਿਚ ਸਿੱਖਾਂ ਅੱਗੇ ਧਾਰਮਿਕ ਪਛਾਣ, ਧਰਮ ਪਰਿਵਰਤਨ, ਧਾਰਮਿਕ ਲਿਬਾਸ, ਨਸ਼ਿਆਂ ਅਤੇ ਨਸਲੀ ਸਫ਼ਾਈ ਦੇ ਖੜ੍ਹੇ ਖਤਰਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਸਰੀਰਕ ਕਸਰਤ, ਸਿਹਤ ਸੰਭਾਲ ਅਤੇ ਵਾਤਾਵਰਨ ਸੰਭਾਲ ਪ੍ਰਤੀ ਸਮਾਜ 'ਚ ਜਾਗਰੂਕਤਾ ਪੈਦਾ ਕਰਨਾ ਹੈ। ਇਸ ਮੌਕੇ 500 ਕਿਲੋਮੀਟਰ ਦੀ ਯਾਤਰਾ ਦੇ ਸਾਈਕਲ ਸਵਾਰਾਂ ਦਾ ਹੌਸਲਾ ਵਧਾਉਣ ਅਤੇ ਉਨ੍ਹਾਂ ਨੂੰ ਸ਼ੁਭ ਕਾਮਨਾਵਾਂ ਦੇਣ ਲਈ ਉਚੇਚੇ ਤੌਰ ਤੇ ਸ਼੍ਰੋਮਣੀ ਅਕਾਲੀ ਦਲ, ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ, ਸੀਨੀਅਰ ਵਕੀਲ ਹਰਵਿੰਦਰ ਸਿੰਘ ਫੂਲਕਾ, ਸੀਨੀਅਰ ਅਕਾਲੀ ਆਗੂ ਕੁਲਦੀਪ ਸਿੰਘ ਭੋਗਲ, ਕਸ਼ਮੀਰੀ ਪੰਡਿਤਾਂ ਦੀ ਜਥੇਬੰਦੀਆਂ ਸਣੇ ਦਿੱਲੀ ਕਮੇਟੀ ਦੇ ਕਈ ਮੈਂਬਰ ਸਾਹਿਬਾਨ ਪੁੱਜੇ ਸਨ। ਇਸ ਯਾਤਰਾ ਦੇ ਮੁੱਖ ਉਦੇਸ਼ ਦੀ ਜਾਣਕਾਰੀ ਦਿੰਦਿਆਂ ਮਨਜੀਤ ਸਿੰਘ ਜੀ.ਕੇ. ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਦੂਜਿਆਂ ਦਾ ਧਰਮ ਬਚਾਇਆ ਸੀ। ਪਰ ਅੱਜ ਸਿੱਖਾਂ 'ਚ ਧਰਮ ਬਦਲੀ, ਨਸ਼ਿਆਂ ਤੇ ਫੈਸਨ ਪ੍ਰਸਤੀ ਨੇ ਆਪਣੀ ਥਾਂ ਬਣਾ ਲਈ ਹੈ। ਜਦੋਂਕਿ ਗੁਰੂ ਸਾਹਿਬਾਨਾਂ ਨੇ ਸਾਨੂੰ ਸਰੀਰਕ ਤੰਦਰੁਸਤੀ ਲਈ ਨਸ਼ਿਆਂ ਤੋਂ ਦੂਰ ਕਰਕੇ ਮੱਲ ਅਖਾੜੇ ਤੇ ਗਤਕਾ ਅਖਾੜਿਆਂ ਨਾਲ ਜੋੜਿਆ ਸੀ। ਗੁਰੂ ਸਾਹਿਬਾਨਾਂ ਨੇ ਸਾਨੂੰ ਵਾਤਾਵਰਨ ਸੰਭਾਲ ਦਾ ਹੋਕਾ ਦਿੱਤਾ ਸੀ, ਪਰ ਅੱਜ ਦਿੱਲੀ ਦਾ ਵਜ਼ੀਰ ਪੰਜਾਬ ਦੇ ਕਿਸਾਨਾਂ ਵੱਲੋਂ ਪਰਾਲੀ ਸਾੜਨ ਨੂੰ ਦਿੱਲੀ ਦੇ ਪ੍ਰਦੂਸ਼ਣ ਦਾ ਕਾਰਨ ਦੱਸ ਰਿਹਾ ਹੈ। ਜਦੋਂਕਿ ਇੱਕ ਸਟਡੀ ਅਨੁਸਾਰ ਦਿੱਲੀ ਦੇ ਪ੍ਰਦੂਸ਼ਣ 'ਚ ਪਰਾਲੀ ਦੇ ਧੂੰਏਂ ਦਾ ਹਿੱਸਾ ਸਿਰਫ਼ 1.5 ਫੀਸਦੀ ਹੈ ਹਰਵਿੰਦਰ ਸਿੰਘ ਫੂਲਕਾ ਨੇ 67 ਸਾਲ ਦੀ ਉਮਰ 'ਚ ਮਨਜੀਤ ਸਿੰਘ ਜੀਕੇ ਵੱਲੋਂ 500 ਕਿਲੋਮੀਟਰ ਦੀ ਸਾਈਕਲ ਯਾਤਰਾ ਦੀ ਅਗਵਾਈ ਕਰਨ ਦੀ ਵਿਖਾਈ ਗਈ ਦ੍ਰਿੜਤਾ ਤੇ ਹਿੰਮਤ ਦੀ ਸ਼ਲਾਘਾ ਕਰਦਿਆਂ ਮੁਬਾਰਕਬਾਦ ਦਿੱਤੀ। ਦਿੱਲੀ ਕਮੇਟੀ ਮੈਂਬਰ ਪਰਮਜੀਤ ਸਿੰਘ ਰਾਣਾ ਅਤੇ ਸਮਾਜਿਕ ਕਾਰਕੁੰਨ ਡਾਕਟਰ ਪਰਮਿੰਦਰ ਪਾਲ ਸਿੰਘ ਨੇ ਇਸ ਮੌਕੇ ਸਟੇਜ ਦੀ ਸੇਵਾ ਸੰਭਾਲੀ। ਇਸ ਮੌਕੇ ਸਾਬਕਾ ਵਿਧਾਇਕ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ, ਦਿੱਲੀ ਕਮੇਟੀ ਦੇ ਮੌਜੂਦਾ ਮੈਂਬਰ ਕਰਤਾਰ ਸਿੰਘ ਵਿੱਕੀ ਚਾਵਲਾ, ਸਤਨਾਮ ਸਿੰਘ ਖਾਲਸਾ, ਮਹਿੰਦਰ ਸਿੰਘ, ਜਤਿੰਦਰ ਸਿੰਘ ਸੋਨੂੰ ਸਣੇ ਕਈ ਸਾਬਕਾ ਕਮੇਟੀ ਮੈਂਬਰ ਅਤੇ ਮਨਜੀਤ ਸਿੰਘ ਜੀ.ਕੇ. ਦੇ ਪਰਿਵਾਰਿਕ ਮੈਂਬਰ ਤੇ ਸੈਂਕੜੇ ਸ਼ੁਭਚਿੰਤਕ ਮੌਜੂਦ ਸਨ।

# ਲਾਲ ਕਿਲ੍ਹੇ 'ਤੇ 19 ਨਵੰਬਰ ਤੋਂ ਆਰੰਭ ਹੋਣਗੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਪ੍ਰੋਗਰਾਮ: ਕਾਲਕਾ, ਕਾਹਲੋਂ



ਨਵੀਂ ਦਿੱਲੀ, 15 ਨਵੰਬਰ (ਮਨਪ੍ਰੀਤ ਸਿੰਘ ਖਾਲਸਾ ): ਦਿੱਲੀ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਪ੍ਰੋਗਰਾਮ 19 ਨਵੰਬਰ ਤੋਂ ਲਾਲ ਕਿਲ੍ਹੇ 'ਤੇ ਸ਼ੁਰੂ ਹੋ ਜਾਣਗੇ ਜੋ 25 ਨਵੰਬਰ ਤੱਕ ਚੱਲਣਗੇ। ਲਾਲ ਕਿਲ੍ਹੇ 'ਤੇ ਚਲ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਉਪਰੰਤ ਗੱਲਬਾਤ ਕਰਦਿਆਂ ਸਰਦਾਰ ਸਿਰਸਾ, ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ 19 ਨਵੰਬਰ ਤੋਂ ਰੋਜ਼ਾਨਾ ਸ਼ਾਮ ਨੂੰ ਲਾਈਟ ਐਂਡ ਸਾਊਂ ਸ਼ੋਅ ਹੋਵੇਗਾ। ਇਸੇ ਤਰੀਕੇ ਇਕ ਵਿਸ਼ੇਸ਼ ਮਿਊਜ਼ੀਅਮ ਵੀ ਤਿਆਰ ਕੀਤਾ ਜਾ ਰਿਹਾ ਹੈ ਜਿਸ ਵਿਚ ਪ੍ਰਦਰਸ਼ਨੀ ਖਿੱਚ ਦਾ ਕੇਂਦਰ ਹੋਵੇਗੀ। ਉਹਨਾਂ ਦੱਸਿਆ ਕਿ ਇਥੇ ਪ੍ਰੋਗਰਾਮ ਵਾਸਤੇ ਵਿਸ਼ਾਲ ਟੈਂਟ ਲਗਾਏ ਜਾ ਰਹੇ ਹਨ ਜਿਸ ਵਿਚ ਇਕੋ ਸਮੇਂ 50 ਹਜ਼ਾਰ ਲੋਕ ਬੈਠ ਸਕਣਗੇ। ਇਸੇ ਤਰੀਕੇ ਲੰਗਰ ਲਈ ਲਗਾਏ ਟੈਂਟ ਵਿਚ ਇਕ ਸਮੇਂ 20 ਹਜ਼ਾਰ ਸੰਗਤਾਂ ਇਕੱਠਿਆਂ ਲੰਗਰ ਛਕ ਸਕਣਗੀਆਂ। ਉਹਨਾਂ ਦੱਸਿਆ ਕਿ 23, 24 ਅਤੇ 25 ਨਵੰਬਰ ਨੂੰ ਮੁੱਖ ਪ੍ਰੋਗਰਾਮ ਹੋਣਗੇ। 25 ਨਵੰਬਰ ਨੂੰ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠਾਂ ਦੀ ਲੜੀ ਦੇ ਭੋਗ ਪਾਏ ਜਾਣਗੇ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਜਿਹਨਾਂ ਨੇ ਸਹਿਜ ਪਾਠ ਰੱਖੇ ਹਨ, ਉਹ 25 ਤਾਰੀਕ ਨੂੰ ਸ਼ਾਮ ਸਮੇਂ ਸਿਰ ਹੀ ਮੌਕੇ 'ਤੇ ਪਹੁੰਚ ਜਾਣ ਤਾਂ ਜੋ ਨੌਵੇਂ ਮਹੱਲੇ ਦੇ ਸਲੋਕਾਂ ਨਾਲ ਸੰਪੂਰਨਤਾ ਦੇ ਭੋਗ ਪਾਏ ਜਾ ਸਕਣ। ਉਹਨਾਂ ਇਹ ਵੀ ਦੱਸਿਆ ਕਿ 22 ਨਵੰਬਰ ਨੂੰ ਗੁਰਦੁਆਰਾ ਸੀਸਗੰਜ ਸਾਹਿਬ ਤੋਂ ਲਾਲ ਕਿਲ੍ਹੇ ਤੱਕ ਆਉਂਦੇ ਰਸਤੇ ਦੀ ਸਫਾਈ ਦੀ ਸੇਵਾ ਕੀਤੀ ਜਾਵੇਗੀ ਜਿਸ ਲਈ ਉਹਨਾਂ ਸੰਗਤਾਂ ਨੂੰ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ। ਸਰਦਾਰ ਸਿਰਸਾ, ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਇਹਨਾਂ ਸਾਰੇ ਪ੍ਰੋਗਰਾਮਾਂ ਦੀ ਸਮਾਪਤੀ 'ਤੇ 26 ਨਵੰਬਰ ਨੂੰ ਗੁਰਦੁਆਰਾ ਰਕਾਬਗੰਜ ਸਾਹਿਬ ਦੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਸਮਾਗਮ ਹੋਵੇਗਾ। ਉਹਨਾਂ ਦੱਸਿਆ ਕਿ ਲਾਲ ਕਿਲ੍ਹੇ 'ਤੇ ਲਗਾਤਾਰ ਚੱਲਣ ਵਾਲੇ ਪ੍ਰੋਗਰਾਮਾਂ ਵਿਚ ਦਿੱਲੀ ਤੇ ਦੇਸ਼ ਦੀ ਸਿਖ਼ਰਲੀ ਲੀਡਰਸ਼ਿਪ ਵੀ ਹਾਜ਼ਰ ਭਰੇਗੀ। ਉਹਨਾਂ ਦੱਸਿਆ ਕਿ ਇਹ ਸਾਰੇ ਪ੍ਰੋਗਰਾਮ ਦਿੱਲੀ ਸਰਕਾਰ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਹਨ ਜਿਹਨਾਂ ਦੀ ਮੇਜ਼ਬਾਨੀ ਨੂੰ ਲੈ ਕੇ ਸੰਗਤਾਂ ਵਿਚ ਬਹੁਤ ਸ਼ਰਧਾ ਤੇ ਉਤਸ਼ਾਹ ਹੈ। ਉਹਨਾਂ ਦੱਸਿਆ ਕਿ ਇਹਨਾਂ ਪ੍ਰੋਗਰਾਮਾਂ ਵਾਸਤੇ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਵੀ ਕੀਤੇ ਗਏ ਹਨ।

# ਹਠੂਰ ਦੇ ਆਈਡੀਅਲ ਕੌਨਵੈਂਟ ਸਕੂਲ ਵਿੱਚ ਮਨਾਇਆ ਬਾਲ ਦਿਵਸ , ਬੱਚਿਆਂ ਨੂੰ ਦਿੱਤੀਆਂ ਮੁਬਾਰਕਾਂ



ਹਠੂਰ, ਜਗਰਾਉਂ , 15 ਨਵੰਬਰ (ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਦੇ ਅੱਚਰਵਾਲ ਰੋਡ ਤੇ ਸਥਿੱਤ ਆਈਡੀਅਲ ਕੌਨਵੈਂਟ ਸਕੂਲ ਵਿੱਚ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਦੀ ਦੇਖ ਰੇਖ ਹੇਠ ਬਾਲ ਦਿਵਸ ਮਨਾਇਆ ਗਿਆ, ਸਵੇਰੇ ਸਮੂਹ ਸਕੂਲ ਸਟਾਫ ਵੱਲੋਂ ਬੱਚਿਆਂ ਨੂੰ ਬਾਲ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ, ਬਾਲ ਦਿਵਸ ਨੂੰ ਮੁੱਖ ਰੱਖਦਿਆਂ ਸਕੂਲ ਵਿੱਚ ਜਿੱਥੇ ਬੱਚਿਆਂ ਨੇ ਸਕੂਲ ਸਟਾਫ ਦੀ ਦੇਖ ਰੇਖ ਹੇਠ ਖੂਬ ਮਨੋਰੰਜਨ ਕੀਤਾ, ਅਤੇ ਕਵਿਤਾਵਾਂ ਦੀ ਪੇਸ਼ਕਾਰੀ ਕੀਤੀ, ਉੱਥੇ ਬੱਚਿਆਂ ਵਿਚਕਾਰ ਸੁੰਦਰ ਲਿਖਾਈ ਮੁਕਾਬਲੇ, ਡਰਾਇੰਗ ਮੁਕਾਬਲੇ, ਅਤੇ ਸਟੋਰੀ ਰਾਇਟਰ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਬੱਚਿਆਂ ਨੇ ਬੜੇ ਹੀ ਉਤਸ਼ਾਹ ਨਾਲ ਹਿੱਸਾ ਲਿਆ ਤੇ ਜੇਤੂ ਰਹਿਣ ਵਾਲੇ ਬੱਚਿਆਂ ਨੂੰ ਸਮੂਹ ਸਕੂਲ ਸਟਾਫ ਨੇ ਹੌਂਸਲਾ ਅਫਜ਼ਾਈ ਕੀਤਾ, ਸਕੂਲ ਸਟਾਫ ਵੱਲੋਂ ਬੱਚਿਆਂ ਦੇ ਖਾਣ ਪੀਣ ਵਾਲੀਆਂ ਵਸਤੂਆਂ ਦੇ ਵੀ ਪ੍ਰਬੰਧ ਕੀਤੇ ਗਿਆ, ਇਸ ਮੌਕੇ ਗੱਲਬਾਤ ਕਰਦਿਆਂ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਕਿਹਾ ਕਿ ਬਾਲ ਦਿਵਸ ਪੰਡਿਤ ਜਵਾਹਰ ਲਾਲ ਨਹਿਰੂ ਜੀ ਨਾਲ ਸਬੰਧਿਤ ਹੈ। ਪੰਡਿਤ ਜਵਾਹਰ ਲਾਲ ਨਹਿਰੂ ਜੀ ਬੱਚਿਆਂ ਨੂੰ ਬਹੁਤ ਪਿਆਰ ਕਰਦੇ ਸਨ। ਇਸ ਲਈ 14 ਨਵੰਬਰ ਦਾ ਦਿਨ ਇੱਕ ਖ਼ਾਸ ਬਣ ਗਿਆ ਤੇ ਪੰਡਿਤ ਜਵਾਹਰ ਲਾਲ ਨਹਿਰੂ ਜੀ ਦੀ ਨਿੱਘੀ ਪਿਆਰੀ ਯਾਦ ਵਿੱਚ ਬਾਲ ਦਿਵਸ ਵਜੋਂ ਮਨਾਇਆ ਜਾਂਦਾ ਹੈ। ਇਹ ਬੱਚਿਆਂ ਦਾ ਖ਼ਾਸ ਦਿਨ ਹੈ। ਬੱਚੇ ਇਸ ਦਿਨ ਖ਼ੂਬ ਮਨੋਰੰਜਨ ਕਰਦੇ ਹਨ। ਸਾਡੇ ਵੱਲ਼ ਸਮੂਹ ਬੱਚਿਆਂ ਨੂੰ ਇੱਕ ਵਾਰ ਫਿਰ ਬਾਲ ਦਿਵਸ ਦੀਆਂ ਬਹੁਤ ਬਹੁਤ ਮੁਬਾਰਕਾਂ, ਇਸ ਮੌਕੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ, ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ, ਮੈਡਮ ਸੁਖਦੀਪ ਕੌਰ, ਸੰਦੀਪ ਕੌਰ, ਹਰਪ੍ਰੀਤ ਕੌਰ, ਰਮਨਦੀਪ ਕੌਰ, ਸਨਦੀਪ ਕੌਰ, ਚਰਨਜੀਤ ਕੌਰ, ਅਮਰਦੀਪ ਕੌਰ, ਅਮਨਜੋਤ ਕੌਰ, ਹਰਪ੍ਰੀਤ ਕੌਰ, ਸੁਖਬੀਰ ਕੌਰ, ਅਮਨਦੀਪ ਕੌਰ, ਗਗਨਦੀਪ ਕੌਰ, ਹਰਵਿੰਦਰ ਕੌਰ, ਗੁਰਵਿੰਦਰ ਕੌਰ, ਹਰਕਰਨ ਸਿੰਘ ਸਮੇਤ ਸਕੂਲ ਦੇ ਬੱਚੇ ਹਾਜ਼ਰ ਸਨ।

### ਪੇਧਨੀ ਕਲਾਂ ਦੇ ਕਬੱਡੀ ਕੱਪ ’ਤੇ

# ਢੰਡੋਲੀ ਕਲਾ ਨੇ ਪਹਿਲਾ ਅਤੇ ਹਸਨਪੁਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ




**ਧੂਰੀ ( ਰਣਜੀਤ ਸਿੰਘ ਪੇਧਨੀ )**-ਇਥੋਂ ਨੇੜਲੇ ਪਿੰਡ ਪੇਧਨੀ ਕਲਾਂ ਵਿਖੇ ਸ਼ਹੀਦ ਬਾਬਾ ਦੀਪ ਸਿੰਘ ਸਪੋਰਟਸ ਵੈਲਫੇਅਰ ਨਗਰ ਪੰਚਾਇਤ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਹਿਲਾ ਕਬੱਡੀ ਟੂਰਨਾਮੈਂਟ ਗੁਰਪ੍ਰੀਤ ਸਿੰਘ ਗੱਗੀ ਆਸਟਰੇਲੀਆ,ਸਰਪੰਚ ਮੱਖਣ ਸਿੰਘ, ਪੱਤਰਕਾਰ ਰਣਜੀਤ ਸਿੰਘ ਪੇਧਨੀ, ਕੁਲਦੀਪ ਸਿੰਘ ਕਲੇਰ, ਪੰਚ ਰਾਜਵਿੰਦਰ ਸਿੰਘ, ਪੰਚ ਸੁਰਜੀਤ ਸਿੰਘ,ਪੰਚ ਗਗਨਦੀਪ ਸਿੰਘ, ਪੰਚ ਮੱਖਣ ਸਿੰਘ, ਪੰਚ ਕੁਲਵਿੰਦਰ ਸਿੰਘ, ਪੰਚ ਗੁਰਦੀਪ ਸਿੰਘ ਕਲੇਰ, ਜਸਵਿੰਦਰ ਖੁਰਮੀ, ਰਾਮ ਸਾਇਪ੍ਰਸ, ਚਮਕੌਰ ਕਲੇਰ ਦੀ ਅਗਵਾਈ ਹੇਠ ਕਰਵਾਇਆ ਗਿਆ। ਜਿਸ ਵਿਚ ਢੰਡੋਲੀ ਕਲਾ ਨੇ ਪਹਿਲਾ ਸਥਾਨ ਅਤੇ ਹਸਨਪੁਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਕਬੱਡੀ ਕੱਪ ’ਤੇ ਪਹਿਲਾ ਇਨਾਮ ਗੱਗੀ ਆਸਟਰੇਲੀਆ, ਗਗਨਦੀਪ ਸਿੰਘ ਪੰਚ ਵੱਲੋਂ ਦਿੱਤਾ ਗਿਆ ਅਤੇ ਕਬੱਡੀ ਕੱਪ ਦਾ ਦੂਜਾ ਇਨਾਮ ਨੰਬਰਦਾਰ ਰਜਿੰਦਰ ਸਿੰਘ ਸੰਧੂ ਪ੍ਰਿੰਸ ਸੰਧੂ ਡਾਕਟਰ ਕੰਵਰ ਸੰਧੂ ਪਰਿਵਾਰ ਵੱਲੋਂ ਦਿੱਤਾ ਗਿਆ। ਇਸ ਮੌਕੇ ਮੁੱਖ ਮੰਤਰੀ ਦਫ਼ਤਰ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਸਮਾਜ ਸੇਵੀ ਭਾਨ ਸਿੰਘ ਜੱਸੀ, ਸਤਿੰਦਰ ਸਿੰਘ ਚੱਠਾ, ਅਮਰਦੀਪ ਸਿੰਘ ਧਾਂਦਰਾਂ ,ਪ੍ਰੋ ਓਂਕਾਰ ਸਿੰਘ ਸਿੱਧੂ,ਰਣਜੀਤ ਸਿੰਘ ਰੰਧਾਵਾ ਕਾਤਰੋਂ, ਸੁਭਮ ਸ਼ਰਮਾ ਧੂਰੀ, ਗੁਰਨੈਬ ਸਿੰਘ ਰਾਮਪਰਾ,ਨਰਿੰਦਰ ਸਿੰਘ ਕਾਲਾਬੂਲਾ,ਅਮਰਜੀਤ ਸਿੰਘ ਬਾਦਸ਼ਾਹਪੁਰ,ਸਤਿਨਾਮ ਸਿੰਘ ਰੱਤੋਕੇ,ਅਮਰੀਕ ਸਿੰਘ ਕਾਤਰੋਂ,ਵਾਸਵੀਰ ਸਿੰਘ ਭੁੱਲਰ, ਸਾਧੂ ਸਿੰਘ ਪੇਧਨੀ, ਚੇਅਰਮੈਨ ਅਮਰੀਕ ਸਿੰਘ ਪੇਧਨੀ, ਸਰਪੰਚ ਰਾਜੂ ਰੰਗੀਆਂ ਸਰਪੰਚ ਅਮਰੀਕ ਸਿੰਘ ਕਿਲਾ, ਸਰਪੰਚ ਗੋਪਾਲ ਕ੍ਰਿਸਨ ਬੇਨੜਾ, ਬਾਬਾ ਗੁਰਮੀਤ ਸਿੰਘ, ਬਾਬਾ ਪਰਮਜੀਤ ਸਿੰਘ, ਹਰਪ੍ਰੀਤ ਸਿੰਘ ਗਿੱਲ,ਪਰਮਜੀਤ ਸਿੰਘ ਕਾਂਝਲਾ, ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ,ਸਰਪੰਚ ਗੋਬਿੰਦਰ ਖੰਗੂੜਾ, ਜੱਸੀ ਪੁੰਨਾਵਾਲ, ਕੁਲਦੀਪ ਸਿੰਘ ਬੁੱਟਰ,ਮਾਣਾ ਗਰੇਵਾਲ,ਭਿੰਦਾ ਵਿਰਕ,ਬੱਬੂ ਕਲੇਰ,ਟੋਨੀ, ਸਿਆਮ,ਜਗਜੀਤ ਕਲੇਰ,ਸਤਿਨਾਮ ਸਿੰਘ ਸੱਤੂ, ਸੱਤਾ ਝਨੇੜੀ ਹਾਜਰ ਸਨ।

# ਜਦੋਂ ਪੰਚਾਇਤਾਂ ਮਜ਼ਬੂਤ ਹੁੰਦੀਆਂ ਹਨ ਤਾਂ ਪਿੰਡ ਖ਼ੁਦ-ਬ-ਖ਼ੁਦ ਅੱਗੇ ਵੱਧਦੇ ਹਨ: ਡਾ. ਰਵਜੋਤ ਸਿੰਘ

ਹੁਸ਼ਿਆਰਪੁਰ, 15 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੇ ਪਿੰਡ ਪੱਧਰ ’ਤੇ ਵਿਕਾਸਮੁਖੀ ਉਪਰਾਲਿਆਂ ਨੂੰ ਹੋਰ ਮਜ਼ਬੂਤ ਬਣਾਉਣ ਲਈ ’ਸਟੇਟ ਇੰਸਟੀਚਿਊਟ ਆਫ਼ ਰੂਰਲ ਡਿਵੈਲਪਮੈਂਟ’ (ਐਸ.ਆਈ.ਆਰ ਡੀ) ਮੁਹਾਲੀ ਵੱਲੋਂ ਬੀ.ਡੀ.ਪੀ.ਓ ਹੁਸ਼ਿਆਰਪੁਰ ਬਲਾਕ-1 ਵਿਚ ’ਗ੍ਰਾਮ ਪੰਚਾਇਤ ਡਿਵੈਲਪਮੈਂਟ ਪਲਾਨ’ (ਜੀ.ਪੀ.ਡੀ.ਪੀ) ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਵਿਚ ਕੈਬਿਨੇਟ ਮੰਤਰੀ ਡਾ. ਰਵਜੋਤ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਰਪੰਚਾਂ, ਪੰਚਾਂ, ਆਸ਼ਾ ਤੇ ਆਂਗਨਵਾੜੀ ਵਰਕਰਾਂ, ਸੈਲਫ ਹੈਲਪ ਗਰੁੱਪਾਂ ਅਤੇ ਮਨਰੇਗਾ ਸਟਾਫ਼ ਨੇ ਇਸ ਪ੍ਰੋਗਰਾਮ ਵਿਚ ਉਤਸ਼ਾਹ ਨਾਲ ਭਾਗ ਲਿਆ। ਆਪਣੇ ਸੰਬੋਧਨ ਵਿਚ ਡਾ. ਰਵਜੋਤ ਨੇ ਕਿਹਾ ਕਿ ਗ੍ਰਾਮ ਪੰਚਾਇਤਾਂ ਦਾ ਸਸ਼ਕਤੀਕਰਨ ਹੀ ਪਿੰਡਾਂ ਦੇ ਵਿਕਾਸ ਦੀ ਬੁਨਿਆਦ ਹੈ। ਉਨ੍ਹਾਂ ਕਿਹਾ ਕਿ ਜਦੋਂ ਪੰਚਾਇਤਾਂ ਮਜ਼ਬੂਤ ਹੁੰਦੀਆਂ ਹਨ ਤਾਂ ਪਿੰਡ ਖ਼ੁਦ-ਬ-ਖ਼ੁਦ ਅੱਗੇ ਵੱਧਦੇ ਹਨ। ਉਨ੍ਹਾਂ ਨੇ ਤਰਲਤਾ, ਸਾਂਝੀ ਭਾਗੀਦਾਰੀ ਅਤੇ ਵਿਭਾਗੀ ਤਾਲਮੇਲ ਦੀ ਲੋੜ ’ਤੇ ਜ਼ੋਰ ਦਿੱਤਾ ਤਾਂ ਜੋ ਵਿਕਾਸਮੁਖੀ ਕੰਮਾਂ ਦਾ ਫ਼ਾਇਦਾ ਸਿੱਧਾ ਜ਼ਮੀਨ ਤੱਕ ਪਹੁੰਚੇ। ਜੀ.ਪੀ.ਡੀ.ਪੀ ਨੂੰ ਉਨ੍ਹਾਂ ਨੇ ਪਿੰਡ ਬਦਲਾਅ ਦੀ ਇਕ ਰਹਿਨੁਮਾਈ ਯੋਜਨਾ ਕਰਾਰ ਦਿੱਤਾ। ਉਨ੍ਹਾਂ ਨੇ ਆਸ਼ਾ, ਆਂਗਨਵਾੜੀ ਵਰਕਰਾਂ, ਐਸ.ਐਚ.ਜੀ ਮੈਂਬਰਾਂ ਅਤੇ ਪੰਚਾਇਤ ਪ੍ਰਤੀਨਿਧੀਆਂ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਯਕੀਨ ਦਵਾਇਆ ਕਿ ਟ੍ਰੇਨਿੰਗ ਪ੍ਰੋਗਰਾਮਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਜ਼ਿਲ੍ਹਾ ਕੋਆਰਡੀਨੇਟਰ ਨੇਹਾ ਸ਼ਰਮਾ ਨੇ ਮੁੱਖ ਮਹਿਮਾਨ ਦਾ ਸਵਾਗਤ ਕਰਦਿਆਂ ਜੀ.ਪੀ.ਡੀ.ਪੀ ਦੇ ਉਦੇਸ਼ ਅਤੇ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਡੀ.ਪੀ.ਐਮ ਮੁਕੇਸ਼ ਕੁਮਾਰ ਨੇ ਵੀ ਟ੍ਰੇਨਿੰਗ ਮਾਡਿਊਲਾਂ, ਸਰਕਾਰੀ ਯੋਜਨਾਵਾਂ ਅਤੇ ਪਿੰਡ ਵਿਕਾਸ ਦੇ ਵਧੀਆ ਮਾਡਲਾਂ ਬਾਰੇ ਮਹੱਤਵਪੂਰਣ ਜਾਣਕਾਰੀ ਸਾਂਝੀ ਕੀਤੀ। ਇਸ ਤੋਂ ਬਾਅਦ ਰਿਸੋਰਸ ਪਰਸਨ ਰਜਿੰਦਰ ਕੌਰ, ਸ਼ੋਭਾ ਰਾਣੀ ਅਤੇ ਸਾਹਿਲ ਕੁਮਾਰ ਨੇ ਭਾਗੀਦਾਰਾਂ ਨਾਲ ਵਿਸਥਾਰਪੂਰਵਕ ਸਾਂਝ ਪਾਈ। ਇੰਟਰੈਕਟਿਵ ਸੈਸ਼ਨ ਵਿਚ ਭਾਗੀਦਾਰਾਂ ਨੇ ਵੱਖ-ਵੱਖ ਵਿਕਾਸ ਯੋਜਨਾਵਾਂ ਬਾਰੇ ਸਵਾਲ ਪੁੱਛੇ, ਜਿਨ੍ਹਾਂ ਦੇ ਜਵਾਬ ਰਿਸੋਰਸ ਪਰਸਨਾਂ ਵੱਲੋਂ ਦਿੱਤੇ ਗਏ। ਪ੍ਰੋਗਰਾਮ ਦਾ ਸਮਾਪਨ ਇਸ ਨਿਸਚੇ ਨਾਲ ਹੋਇਆ ਕਿ ਪੰਚਾਇਤ ਪ੍ਰਤਿਨਿਧੀ ਅਤੇ ਫ਼ੀਲਡ ਸਟਾਫ਼ ਪਿੰਡਾਂ ਵਿਚ ਸਮਾਵੇਸ਼ੀ ਅਤੇ ਟਿਕਾਊ ਵਿਕਾਸ ਨੂੰ ਹੋਰ ਤੀਬਰਤਾ ਨਾਲ ਅੱਗੇ ਵਧਾਉਣਗੇ।

# ਇੱਕ ਨਜ਼ਰ ...



## ਸਿੱਖ ਇਤਿਹਾਸ ਨੂੰ ਦਰਸਾਉਂਦੀਆਂ ਤਸਵੀਰਾਂ ਗੁਰੂ ਨਗਰੀ ਵਿੱਚ ਬਣੀਆਂ ਖਿੱਚ ਦਾ ਕੇਂਦਰ

### ਵੱਖ-ਵੱਖ ਗੁਰਦੁਆਰਾ ਸਾਹਿਬਾਨ ਨੂੰ ਜਾਣ ਵਾਲੇ ਰਸਤਿਆਂ ਦੀਆਂ ਦੀਵਾਰਾਂ ਤੇ ਬਣਾਈਆਂ ਜਾ ਰਹੀਆਂ ਹਨ ਤਸਵੀਰਾਂ

**ਸ੍ਰੀ ਅਨੰਦਪੁਰ ਸਾਹਿਬ, 15 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾਂ ਸ਼ਹੀਦੀ ਦਿਹਾੜੇ ਦੀ ਸ਼ਤਾਬਦੀ ਦੇ ਸਮਾਗਮਾਂ ਮੌਕੇ ਗੁਰੂ ਨਗਰੀ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਨੂੰ ਜਾਣ ਵਾਲੇ ਮਾਰਗਾਂ/ਗਲੀਆਂ ਵਿੱਚ ਦੀਵਾਰਾਂ ਉੱਤੇ ਸਿੱਖ ਇਤਿਹਾਸ ਨੂੰ ਦਰਸਾਉਂਦੀਆਂ ਤਸਵੀਰਾਂ ਸ਼ਰਧਾਲੂਆਂ/ਸੰਗਤਾਂ ਲਈ ਖਿੱਚ ਦਾ ਕੇਂਦਰ ਬਣ ਰਹੀਆਂ ਹਨ। ਇਹਨਾਂ ਤਸਵੀਰਾਂ ਵਿੱਚ ਸਿੱਖ ਇਤਿਹਾਸ ਬਹੁਤ ਹੀ ਸ਼ਾਨਦਾਰ ਤਰੀਕੇ ਨਾਲ ਖ਼ੂਬਸੂਰਤ ਆਇਲ ਪੇਂਟ ਰੰਗਾਂ ਨਾਲ ਤਿਆਰ ਕੀਤਾ ਜਾ ਰਿਹਾ ਹੈ। ਇਹਨਾਂ ਤਸਵੀਰਾਂ ਵਿੱਚ ਸ਼ਸ਼ਤਰ ਵਿੱਦਿਆ, ਘੋੜ ਸਵਾਰੀ, ਪੰਜਾਬ ਦਾ ਸੱਭਿਆਚਾਰ, ਪੰਜਾਬੀ ਲਿਪੀ ਅਤੇ ਸ਼ਹਾਦਤ ਦੇ 350 ਸਾਲ ਦੇ ਲੋਗੋਂ ਬਣਾਏ ਜਾ ਰਹੇ ਹਨ ।ਇਹ ਤਸਵੀਰਾਂ ਕਚਿਹਰੀ ਰੋਡ ਤੋਂ ਗੁਰਦੁਆਰਾ ਸੀਸ ਗੰਜ ਸਾਹਿਬ, ਕਿਲ੍ਹਾ ਫਤਿਹਗੜ ਸਾਹਿਬ ਤੋਂ ਗੁਰਦੁਆਰਾ ਸੀਸ ਗੰਜ ਸਾਹਿਬ ਤੱਕ, ਕਚਿਹਰੀ ਰੋਡ ਅਤੇ ਹੋਰ ਕਈ ਮਾਰਗਾਂ ਤੇ ਚਿੱਤਰਕਾਰੀ ਦਾ ਕੰਮ ਜੰਗੀ ਪੱਧਰ ਤੇ ਜਾਰੀ ਹੈ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਇਸ ਕਾਰਜ ਲਈ ਨਿੱਜੀ ਰੁਚੀ ਦਿਖਾਉਂਦਿਆਂ ਸਾਰੇ ਕੰਮ ਦੀ ਆਪ ਦੇਖ ਰੇਖ ਕਰ ਰਹੇ ਹਨ। ਸ਼ਹਿਰ ਵਾਸੀ ਵੀ ਇਨਾਂ ਚਿੱਤਰਕਾਰੀਆਂ ਦੇ ਚੱਲ ਰਹੇ ਕੰਮ ਦੀ ਸ਼ਲਾਘਾ ਕਰ ਰਹੇ ਹਨ। ਇਹ ਤਸਵੀਰਾਂ ਕੇਵਲ ਸ਼ਹਿਰ ਦੀ ਸੋਭਾ ਹੀ ਨਹੀਂ ਵਧਾ ਰਹੀਆਂ, ਸਗੋਂ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ ਨਾਲ ਜੁੜਨ ਦਾ ਵੀ ਮੌਕਾ ਦੇ ਰਹੀਆਂ ਹਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਸ ਤਰ੍ਹਾਂ ਦੀਆਂ ਕੋਸ਼ਿਸ਼ਾਂ ਨਾਲ ਸ੍ਰੀ ਅਨੰਦਪੁਰ ਸਾਹਿਬ ਦੇ ਆਉਣ ਵਾਲੇ ਸੰਗਤਾਂ ਨੂੰ ਇੱਕ ਰੂਹਾਨੀ ਅਤੇ ਇਤਿਹਾਸਕ ਅਨੁਭਵ ਪ੍ਰਾਪਤ ਹੋਵੇਗਾ।

## ਬਰਨਾਲਾ ਦੇ ਮੌਜੂਦਾ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋ ਨੂੰ ਹਿੰਦ ਦੀ ਚਾਦਰ ਲਾਈਟ ਐਂਡ ਸਾਊਂਡ ਸੋਅ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੱਦਾ ਪੱਤਰ ਨਾਂ ਦੇਣਾ ਮੌਜੂਦਾ ਸਰਕਾਰ ਦੀ ਸੌੜੀ ਸੋਚ ਦੀ ਨਿਸ਼ਾਨੀ

ਬਰਨਾਲਾ, 15 ਨਵੰਬਰ (ਆਵਾਜ਼ਿ ਕੌਮ ਬਿਊਰੋ)- ਬਰਨਾਲਾ ਜਿਲਾ ਪ੍ਰਸ਼ਾਸਨ ਵੱਲੋਂ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਥਾਨਕ ਬਾਬਾ ਕਾਲਾ ਮਹਿਰ ਸਟੇਡੀਅਮ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ “ਹਿੰਦ ਦੀ ਚਾਦਰ” ਲਾਈਟ ਐਂਡ ਸਾਊਂਡ ਸ਼ੋਅ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਰਨਾਲਾ ਤੋਂ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨੂੰ ਅੱਖੋਂ ਪਰੋਖੇ ਕਰਨ ’ਤੇ ਪ੍ਰਸ਼ਾਸਨ ’ਤੇ ਸਵਾਲ ਖੜੇ ਹੋਏ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕਾਲਾ ਢਿੱਲੋਂ ਨੇ ਕਿਹਾ ਕਿ ਉਹਨਾਂ ਨੂੰ ਸਰਕਾਰੀ ਪੱਧਰ ਜਾਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸੇ ਤਰ੍ਹਾਂ ਦਾ ਕੋਈ ਸੱਦਾ ਪੱਤਰ ਪ੍ਰਾਪਤ ਨਹੀਂ ਹੋਇਆ। ਜਿਸ ਕਾਰਨ ਉਹਨਾਂ ਦੇ ਮਨ ਨੂੰ ਡੂੰਘੀ ਠੇਸ ਲੱਗੀ ਹੈ, ਵਿਧਾਇਕ ਢਿੱਲੋਂ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਗੁਰੂ ਸਾਹਿਬ ਦੀ ਸ਼ਤਾਬਦੀ ਨੂੰ ਸਮਰਪਿਤ ਵੱਡੇ ਵੱਡੇ ਸਮਾਗਮ ਕਰਵਾ ਕੇ ਲੋਕਾਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ’ਤੇ ਚੱਲਣ ਅਤੇ ਗੁਰਮਤਿ ਦੇ ਸਿਧਾਂਤ ਅਨੁਸਾਰ ਆਪਸੀ ਭਾਈਚਾਰਕ ਸਾਂਝ ਮਜ਼ਬੂਤ ਕਰਨ ਦਾ ਸੁਨੇਹਾ ਦੇਣ ਦਾ ਪ੍ਰਚਾਰ ਕਰ ਰਹੀ ਹੈ, ਪ੍ਰੰਤੂ ਇਸ ਸਬੰਧੀ ਜ਼ਿਲ੍ਹਾ ਪੱਧਰੀ ਸਮਾਗਮਾਂ ’ਚ ਦੂਜੀਆਂ ਪਾਰਟੀਆਂ ਦੇ ਆਗੂਆਂ ਨੂੰ ਨਾ ਬੁਲਾ ਕੇ ਆਪਣੀ ਸੌੜੀ ਸੋਚ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ।



ਵਿਧਾਇਕ ਢਿੱਲੋਂ ਨੇ ਕਿਹਾ ਕਿ ਵਿਧਾਨ ਸਭਾ ਦੀ 2017 ਤੋਂ 2022 ਤੱਕ ਟਰਮ ਦੇ ਦੌਰਾਨ ਬਰਨਾਲਾ ਤੋਂ ਆਪ ਵਿਧਾਇਕ ਉਸ ਵੇਲੇ ਕਾਂਗਰਸੀ ਆਗੂ ਕੇਵਲ ਸਿੰਘ ਢਿੱਲੋਂ ਵੱਲੋਂ ਸਰਕਾਰੀ ਸਮਾਗਮਾਂ ’ਚ ਸ਼ਮੂਲੀਅਤ ’ਤੇ ਸਵਾਲ ਉਠਾਉਂਦੇ ਰਹੇ ਹਨ ਅਤੇ ਉਹਨਾਂ ਨੂੰ ਬਤੌਰ ਵਿਧਾਇਕ ਅੱਖੋਂ ਪਰੋਖੇ ਕਰਨ ਦੇ ਦੋਸ਼ ਵੀ ਲਗਾਉਂਦੇ ਰਹੇ ਹਨ, ਪ੍ਰੰਤੂ ਹੁਣ ਇਹਨਾਂ ਦੀ ਆਪਣੀ ਸਰਕਾਰ ਵਿੱਚ ਲੋਕਾਂ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਸਰਕਾਰੀ ਸਮਾਗਮਾਂ ਮੌਕੇ ਅੱਖੋਂ ਪਰੋਖੇ ਕੀਤਾ ਜਾ ਰਿਹਾ ਜਿਸ ਤੋਂ ਇਹਨਾਂ ਦੀ ਦੋਗਲੀ ਨੀਤੀ ਦਾ ਪ੍ਰਗਟਾਵਾ ਹੁੰਦਾ ਹੈ। ਵਿਧਾਇਕ ਢਿੱਲੋਂ ਨੇ ਕਿਹਾ ਕਿ ਉਹ ਬਰਨਾਲਾ ਵਿਖੇ ਹੋਏ “ਹਿੰਦ ਦੀ ਚਾਦਰ” ਲਾਈਟ ਐਂਡ ਸੋਅ ਮੌਕੇ ਉਹਨਾਂ ਨੂੰ ਅੱਖੋਂ ਪਰੋਖੇ ਕਰਨ ਦੇ ਰੋਸ ਵਜੋਂ ਅਨੰਦਪੁਰ ਸਾਹਿਬ ਵਿਖੇ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਸ਼ੇਸ਼ ਵਿਧਾਨ ਸਭਾ ਸੈਸ਼ਨ ਦਾ ਬਾਈਕਾਟ ਵੀ ਕਰਨਗੇ ।ਅਤੇ ਵਿਧਾਨ ਸਭਾ ਵਿੱਚ ਵੀ ਇਸ ਮਸਲੇ ਨੂੰ ਉਠਾਉਣਗੇ,ਉਹਨਾਂ ਕਿਹਾ ਕਿ ਉਹ ਉਸੇ ਦਿਨ ਸ੍ਰੀ ਅਨੰਦਪੁਰ ਸਾਹਿਬ ਜਾਣਗੇ ਤਾਂ ਜ਼ਰੂਰ.... ਪਰ ਦਰਬਾਰ ਸਾਹਿਬ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨਗੇ। ਅਤੇ ਸਰਕਾਰ ਦੇ ਵਿਧਾਨ ਸਭਾ ਸੈਸ਼ਨ ਵਿਚ ਸ਼ਾਮਿਲ ਨਹੀਂ ਹੋਣਗੇ ਕਿਉਂਕਿ ਆਪ ਸਰਕਾਰ ਗੁਰੂਆਂ ਦੇ ਨਾਮ ’ਤੇ ਵੀ ਡਰਾਮੇਬਾਜ਼ੀ ਕਰਨ ਤੋਂ ਬਾਜ਼ ਨਹੀਂ ਆ ਰਹੀ। ਵਿਧਾਇਕ ਢਿੱਲੋਂ ਨੇ ਕਿਹਾ ਕਿ ਚਾਹੀਦਾ ਤਾਂ ਇਹ ਸੀ ਕਿ ਗੁਰੂ ਸਾਹਿਬਾਨਾਂ ਦੇ ਇਸ ਵੱਡੇ ਸਮਾਗਮਾਂ ਵਿੱਚ ਸਿਰਫ ਕਾਂਗਰਸ ਹੀ ਨਹੀਂ ਸਗੋਂ ਸਾਰੀਆਂ ਪਾਰਟੀਆਂ ਦੇ ਮੌਜਿਜ ਆਗੂਆਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਤਿਕਾਰ ਸਹਿਤ ਸੱਦਾ ਪੱਤਰ ਦਿੱਤਾ ਜਾਣਾ ਚਾਹੀਦਾ ਸੀ, ਜਦੋਂ ਕਿ ਪ੍ਰਸ਼ਾਸਨ ਨੇ ਇਸ ਸਮਾਗਮ ਨੂੰ ਸਿਰਫ਼ ਸੱਤਾਧਾਰੀ ਆਗੂਆਂ ਤੱਕ ਸੀਮਤ ਕਰਕੇ ਜਿੱਥੇ ਪੱਖਪਾਤੀ ਨੀਤੀ ਦਾ ਪ੍ਰਗਟਾਵਾ ਕੀਤਾ ਉੱਥੇ ਆਪ ਸਰਕਾਰ ਨੇ ਵੀ ਆਪਣੀ ਸੌੜੀ ਸੋਚ ਦਾ ਪ੍ਰਗਟਾਵਾ ਕੀਤਾ ਹੈ। ਦੂਜੇ ਪਾਸੇ ਇੱਕ ਵੱਡੇ ਸਰਕਾਰੀ ਸਮਾਗਮ ’ਚ ਅੱਖੋਂ ਪਰੋਖੇ ਕਰਨ ਸਬੰਧੀ ਜਦ ਹਲਕਾ ਵਿਧਾਇਕ ਦੇ ਦੋਸ਼ਾਂ ਨਾਲ ਸੰਬੰਧਿਤ ਪੱਖ ਜਾਨਣ ਲਈ ਡਿਪਟੀ ਕਮਿਸ਼ਨਰ ਸ੍ਰੀ ਟੀ ਬੈਨਿਥ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਲਕਾ ਵਿਧਾਇਕ ਨੂੰ ਸੱਦਾ ਪੱਤਰ ਦੇਣ ਵਿੱਚ ਗੜਬੜ ਕਿੱਥੇ ਹੋਈ ਹੈ,ਇਸ ਦੀ ਪੜ੍ਹਤਾਲ ਕੀਤੀ ਜਾਵੇਗੀ। ਵਿਧਾਇਕ ਢਿੱਲੋਂ ਨੇ ਕਿਹਾ ਕਿ ਉਹ ਬਰਨਾਲਾ ਵਿਖੇ ਹੋਏ “ਹਿੰਦ ਦੀ ਚਾਦਰ” ਲਾਈਟ ਐਂਡ ਸੋਅ ਮੌਕੇ ਉਹਨਾਂ ਨੂੰ ਅੱਖੋਂ ਪਰੋਖੇ ਕਰਨ ਦੇ ਰੋਸ ਵਜੋਂ ਅਨੰਦਪੁਰ ਸਾਹਿਬ ਵਿਖੇ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਸ਼ੇਸ਼ ਵਿਧਾਨ ਸਭਾ ਸੈਸ਼ਨ ਦਾ ਬਾਈਕਾਟ ਵੀ ਕਰਨਗੇ ।ਅਤੇ ਵਿਧਾਨ ਸਭਾ ਵਿੱਚ ਵੀ ਇਸ ਮਸਲੇ ਨੂੰ ਉਠਾਉਣਗੇ,ਉਹਨਾਂ ਕਿਹਾ ਕਿ ਉਹ ਉਸੇ ਦਿਨ ਸ੍ਰੀ ਅਨੰਦਪੁਰ ਸਾਹਿਬ ਜਾਣਗੇ ਤਾਂ ਜ਼ਰੂਰ.... ਪਰ ਦਰਬਾਰ ਸਾਹਿਬ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨਗੇ।